सत्यमेव जयते

## ਪੰਜਾਬ ਦੇ ਰਾਜਪਾਲ

# ਸ਼੍ਰੀ ਬਨਵਾਰੀਲਾਲ ਪੁਰੋਹਿਤ

ਵੱਲੋਂ

## ਵਿਧਾਨ ਸਭਾ

ਵਿੱਚ

## ਮਿਤੀ 01 ਮਾਰਚ, 2024 ਦਿਨ ਸ਼ੁੱਕਰਵਾਰ

ਨੂੰ ਦਿੱਤਾ ਗਿਆ

# ਭਾਸ਼ਣ

**ਮਾਨਯੋਗ ਸਪੀਕਰ ਸਾਹਿਬ ਅਤੇ ਸਤਿਕਾਰਯੋਗ ਮੈਂਬਰ ਸਾਹਿਬਾਨ,**

1. ਮੈਨੂੰ 16ਵੀਂ ਪੰਜਾਬ ਵਿਧਾਨ ਸਭਾ ਦੇ 6ਵੇਂ ਸੈਸ਼ਨ ਵਿੱਚ ਇਸ ਅਜ਼ੀਮ ਸਦਨ ਦੇ ਮਾਣਯੋਗ ਮੈਂਬਰਾਂ ਦਾ ਨਿੱਘਾ ਸੁਆਗਤ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ। ਸਾਡੇ ਜੀਵੰਤ ਰਾਜ ਪੰਜਾਬ ਦੀ ਯਾਤਰਾ ਇਸ ਦੇ ਲੋਕਾਂ ਦੀ ਅਦੁੱਤੀ ਭਾਵਨਾ ਨਾਲ ਜੁੜੀ ਹੋਈ ਹੈ, ਜਿਨ੍ਹਾਂ ਨੇ ਸਮੇਂ-ਸਮੇਂ 'ਤੇ ਹਿੰਮਤ, ਦ੍ਰਿੜਤਾ ਅਤੇ ਤਰੱਕੀ ਦੀ ਨਿਰੰਤਰ ਕੋਸ਼ਿਸ਼ ਦਾ ਪ੍ਰਦਰਸ਼ਨ ਕੀਤਾ ਹੈ। ਅੱਜ, ਜਦੋਂ ਅਸੀਂ ਇਸ ਅਜ਼ੀਮ ਸਦਨ ਵਿੱਚ ਇਕੱਠੇ ਹੋਏ ਹਾਂ ਤਾਂ ਸਾਡੇ ਲਈ ਇਹ ਜ਼ਰੂਰੀ ਹੈ ਕਿ ਅਸੀਂ ਉਨ੍ਹਾਂ ਚੁਣੌਤੀਆਂ ਨੂੰ ਸਵੀਕਾਰ ਕਰੀਏ ਜੋ ਸਾਡੇ ਸਾਹਮਣੇ ਹਨ ਅਤੇ ਭਵਿੱਖ ਵੱਲ ਅਜਿਹਾ ਰਾਹ ਤਿਆਰ ਕਰੀਏ ਜੋ ਖੁਸ਼ਹਾਲੀ, ਸਰਵਪੱਖੀ ਅਤੇ ਟਿਕਾਊ ਵਿਕਾਸ ਦੁਆਰਾ ਪਰਿਭਾਸ਼ਿਤ ਹੋਵੇ।

2. ਮੇਰੀ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇਕ ਸਰਵਪੱਖੀ ਵਿਕਾਸ ਦੇ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ, ਜਿੱਥੇ ਪੰਜਾਬ ਦੇ ਹਰ ਨਾਗਰਿਕ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਬਰਾਬਰ ਮੌਕੇ ਮਿਲਣ। ਮੇਰੀ ਸਰਕਾਰ ਵਿਸ਼ੇਸ਼ ਅਧਿਕਾਰ ਪ੍ਰਾਪਤ ਅਤੇ ਹਾਸ਼ੀਏ 'ਤੇ ਪਏ ਲੋਕਾਂ ਦੇ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਨਿਰੰਤਰ ਯਤਨ ਕਰਦੀ ਰਹੀ ਹੈ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਕਾਸ ਦੇ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਸਕਣ। ਮੇਰੀ ਸਰਕਾਰ ਨੇ ਘਰ-ਘਰ ਮੁਫ਼ਤ ਰਾਸ਼ਨ ਯੋਜਨਾ ਤਹਿਤ ਪੰਜਾਬ ਦੇ ਹਰ ਘਰ ਤੱਕ ਰਾਸ਼ਨ ਪਹੁੰਚਾਉਣ ਦੀ ਸਫ਼ਲਤਾਪੂਰਵਕ ਸ਼ੁਰੂਆਤ ਕੀਤੀ ਹੈ।

3. ਮੇਰੀ ਸਰਕਾਰ ਲੋਕਤੰਤਰ, ਨਿਆਂ ਅਤੇ ਭਾਈਚਾਰੇ ਦੇ ਆਦਰਸ਼ਾਂ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ। ਆਉ ਅਸੀਂ ਪੰਜਾਬ ਦੇ ਲੋਕਾਂ ਦੁਆਰਾ ਸਾਡੇ 'ਤੇ ਕੀਤੇ ਗਏ ਭਰੋਸੇ ਅਤੇ ਵਿਸ਼ਵਾਸ ਨੂੰ ਧਿਆਨ ਵਿੱਚ ਰੱਖਦੇ ਹੋਏ, ਉਨ੍ਹਾਂ ਦੀ ਸੇਵਾ ਲਈ ਆਪਣੇ

ਆਪ ਨੂੰ ਸਮਰਪਿਤ ਕਰੀਏ। ਆਓ, ਰਲ ਮਿਲ ਕੇ ਹਿੰਮਤ ਅਤੇ ਦ੍ਰਿੜ ਇਰਾਦੇ ਨਾਲ ਇਸ ਸਫ਼ਰ ਦੀ ਸ਼ੁਰੂਆਤ ਕਰੀਏ ਕਿਉਂਕਿ ਪੰਜਾਬ ਦਾ ਭਵਿੱਖ ਸਾਡੇ ਹੱਥਾਂ ਵਿੱਚ ਹੈ।

4. ਮੇਰੀ ਸਰਕਾਰ ਨੇ ਸਿਹਤ ਅਤੇ ਸਿੱਖਿਆ ਦੇ ਮਹੱਤਵਪੂਰਨ ਖੇਤਰਾਂ ਵਿੱਚ ਕਈ ਅਗਾਂਹ-ਵਧੂ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਪੂਰੇ ਪੰਜਾਬ ਵਿੱਚ 664 ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। ਕੁੱਲ 1.07 ਕਰੋੜ ਲੋਕ ਡਾਕਟਰੀ ਇਲਾਜ ਕਰਵਾਉਣ ਲਈ ਇਨ੍ਹਾਂ ਕਲੀਨਿਕਾਂ 'ਤੇ ਆਏ ਹਨ। ਇਨ੍ਹਾਂ ਕਲੀਨਿਕਾਂ 'ਤੇ ਮਰੀਜ਼ਾਂ ਨੂੰ 450 ਕਰੋੜ ਰੁਪਏ ਦੀਆਂ ਦਵਾਈਆਂ ਮੌਜੂਦਾ ਬਾਜ਼ਾਰੀ ਦਰਾਂ 'ਤੇ ਅਤੇ 70 ਕਰੋੜ ਰੁਪਏ ਦੇ ਡਾਇਗਨੌਸਟਿਕ ਟੈਸਟ ਮੁਹੱਈਆ ਕਰਵਾਏ ਗਏ ਹਨ। ਕਲੀਨਿਕਾਂ ਨੇ ਰਾਜ ਦੇ ਲੋਕਾਂ ਦੀ ਸਿਹਤ ਦੇਖ-ਰੇਖ 'ਤੇ ਹੋਣ ਵਾਲੇ ਖਰਚੇ ਨੂੰ 650 ਕਰੋੜ ਰੁਪਏ ਦੀ ਵੱਡੀ ਰਕਮ ਨਾਲ ਘਟਾਉਣ ਵਿੱਚ ਯੋਗਦਾਨ ਪਾਇਆ ਹੈ।

5. ਮੇਰੀ ਸਰਕਾਰ ਸਰਕਾਰੀ ਹਸਪਤਾਲਾਂ ਵਿੱਚ ਸਾਰੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਦੇਣ ਲਈ ਵਚਨਬੱਧ ਹੈ। ਸਰਕਾਰੀ ਹਸਪਤਾਲਾਂ ਵਿੱਚ ਮੁਫਤ ਦਵਾਈਆਂ ਦੀ ਸਪਲਾਈ ਲਈ ਇਸ ਸਾਲ 222 ਕਰੋੜ ਰੁਪਏ ਦੀਆਂ ਦਵਾਈਆਂ ਖਰੀਦੀਆਂ ਗਈਆਂ ਹਨ। ਮੇਰੀ ਸਰਕਾਰ ਸਾਰੇ ਜ਼ਿਲ੍ਹਾ ਹਸਪਤਾਲਾਂ, ਉਪ-ਮੰਡਲ ਹਸਪਤਾਲਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਐਕਸ-ਰੇ ਅਤੇ ਅਲਟਰਾਸਾਊਂਡ ਦੀ ਸਹੂਲਤ ਪ੍ਰਦਾਨ ਕਰਨ ਲਈ ਵਚਨਬੱਧ ਹੈ।

6. ਮੇਰੀ ਸਰਕਾਰ ਸਰਕਾਰੀ ਹਸਪਤਾਲਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਲਈ ਯਤਨਸ਼ੀਲ ਹੈ। ਅਗਲੇ ਤਿੰਨ ਸਾਲਾਂ ਵਿੱਚ ਸਾਰੇ ਜ਼ਿਲ੍ਹਾ ਹਸਪਤਾਲਾਂ ਦੀਆਂ ਇਮਾਰਤਾਂ ਨੂੰ ਅਪਗ੍ਰੇਡ ਕਰਨ ਲਈ ਇੱਕ ਵਿਆਪਕ ਯੋਜਨਾ ਬਣਾਈ ਗਈ ਹੈ।

7. ਮੇਰੀ ਸਰਕਾਰ ਨੇ ਨਿਵਾਰਕ ਸਿਹਤ ਦੇਖਭਾਲ ਨੂੰ ਉਤਸ਼ਾਹਿਤ ਕਰਨ ਲਈ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਤਹਿਤ ਰਾਜ ਭਰ ਵਿੱਚ ਮੁਫਤ ਯੋਗਾ ਕਲਾਸਾਂ ਦੀ ਪੇਸ਼ਕਸ਼ ਕੀਤੀ ਹੈ। ਲਗਭਗ 300 ਪ੍ਰਮਾਣਿਤ ਇੰਸਟ੍ਰਕਟਰਾਂ ਨੂੰ ਤਾਇਨਾਤ ਕੀਤਾ ਗਿਆ ਹੈ, ਜੋ 1500 ਰੋਜ਼ਾਨਾ ਯੋਗਾ ਕਲਾਸਾਂ ਦੀ ਸਹੂਲਤ ਨਾਲ 35,000 ਨਾਗਰਿਕਾਂ ਨੂੰ ਸਿਖਲਾਈ ਦਿੰਦੇ ਹਨ।

8. ਮੇਰੀ ਸਰਕਾਰ ਨੇ ਮੋਹਾਲੀ ਵਿੱਚ ਪੰਜਾਬ ਇੰਸਟੀਚਿਊਟ ਆਫ ਲੀਵਰ ਬਿਲੀਰੀ ਸਾਇੰਸਜ਼ ਦੀ ਸਥਾਪਨਾ ਕੀਤੀ ਹੈ। ਇੰਸਟੀਚਿਊਟ ਦਾ ਉਦੇਸ਼ ਖੇਤਰ ਦੀਆਂ ਸਿਹਤ ਸੰਭਾਲ ਲੋੜਾਂ ਨੂੰ ਪੂਰਾ ਕਰਦੇ ਹੋਏ, ਜਿਗਰ ਅਤੇ ਬਿਲੀਰੀ ਰੋਗਾਂ ਦੀ ਖੋਜ, ਨਿਦਾਨ ਅਤੇ ਇਲਾਜ ਨੂੰ ਅੱਗੇ ਵਧਾਉਣਾ ਹੈ। ਕੈਂਸਰ ਦੇ ਮਰੀਜ਼ਾਂ ਲਈ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ 114 ਕਰੋੜ ਰੁਪਏ ਦੀ ਲਾਗਤ ਨਾਲ ਸਟੇਟ ਕੈਂਸਰ ਇੰਸਟੀਚਿਊਟ ਅਤੇ ਫਾਜ਼ਿਲਕਾ ਵਿਖੇ 45 ਕਰੋੜ ਰੁਪਏ ਦੀ ਲਾਗਤ ਨਾਲ ਤੀਜੇ ਕੈਂਸਰ ਸੈਂਟਰ ਦਾ ਨਿਰਮਾਣ ਕੀਤਾ ਗਿਆ ਹੈ। ਇਨ੍ਹਾਂ ਸੰਸਥਾਵਾਂ ਤੋਂ ਜਲਦੀ ਹੀ ਨਾਗਰਿਕਾਂ ਨੂੰ ਲਾਭ ਪ੍ਰਾਪਤ ਹੋਵੇਗਾ।

9. ਮੇਰੀ ਸਰਕਾਰ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਕੂਲ ਪੱਧਰ 'ਤੇ ਬੁਨਿਆਦੀ ਢਾਂਚੇ ਦੇ ਨਾਲ-ਨਾਲ ਅਸੀਂ ਸਿੱਖਿਆ ਦੀ ਗੁਣਵੱਤਾ ਨੂੰ ਸੁਧਾਰਨ ਲਈ ਵੀ ਕੰਮ ਕਰ ਰਹੇ ਹਾਂ। ਸਕੂਲਾਂ ਵਿੱਚ ਅਧਿਆਪਕਾਂ ਦੀ ਲੋੜੀਂਦੀ ਗਿਣਤੀ ਨੂੰ ਯਕੀਨੀ ਬਣਾਉਣ ਲਈ ਅਪ੍ਰੈਲ, 2022 ਤੋਂ ਲੈ ਕੇ ਹੁਣ ਤੱਕ 9518 ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਲੰਬੇ ਸਮੇਂ ਤੋਂ ਸੇਵਾ ਨਿਭਾਅ ਰਹੇ ਕਰਮਚਾਰੀ ਜੋ ਵੱਖ-ਵੱਖ ਠੇਕੇ ਦੇ ਨਿਯਮ ਅਤੇ ਸ਼ਰਤਾਂ ਕਾਰਨ ਉਤਸ਼ਾਹ-ਹੀਣ ਹੋ ਗਏ ਸਨ। ਇਨ੍ਹਾਂ ਵਿੱਚੋਂ, 12316 ਯੋਗਤਾ ਪ੍ਰਾਪਤ ਕਰਮਚਾਰੀ, ਜੋ 10

ਸਾਲਾਂ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਸਨ, ਨੂੰ ਵਧੇ ਹੋਏ ਮਿਹਨਤਾਨੇ ਦੇ ਨਾਲ ਸੇਵਾ ਦੀ ਭਰੋਸੇਯੋਗਤਾ ਬਣਾਉਣ ਲਈ ਰੈਗੂਲਰ ਕੀਤਾ ਗਿਆ।

10. ਮੇਰੀ ਸਰਕਾਰ ਨੇ ਸਾਰੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ "ਪੰਜਾਬ ਸਿੱਖਿਆ ਕ੍ਰਾਂਤੀ" ਸ਼ੁਰੂ ਕੀਤੀ ਹੈ। ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅਸੀਂ 7082 ਸਕੂਲਾਂ ਵਿੱਚ ਚਾਰ ਦੀਵਾਰੀ ਬਣਾਉਣ ਦਾ ਕੰਮ ਸ਼ੁਰੂ ਕੀਤਾ ਹੈ, ਇਨ੍ਹਾਂ ਵਿੱਚੋਂ 1429 ਸਕੂਲਾਂ ਵਿੱਚ ਪਹਿਲੀ ਵਾਰ ਚਾਰਦੀਵਾਰੀ ਬਣ ਰਹੀ ਹੈ। 12126 ਸਕੂਲਾਂ ,ਨੂੰ ਇੰਟਰਨੈਟ ਕਨੈਕਸ਼ਨ ਪ੍ਰਾਪਤ ਹੋ ਚੁੱਕਾ ਹੈ। ਸਕੂਲਾਂ ਵਿੱਚ 4369 ਪਖਾਨਿਆਂ ਦੀ ਮੁਰੰਮਤ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ, ਮੇਰੀ ਸਰਕਾਰ ਸਰਕਾਰੀ ਸਕੂਲਾਂ ਨੂੰ 95,000 ਡਿਊਲ ਡੈਸਕ ਮੁਹੱਈਆ ਕਰਵਾ ਰਹੀ ਹੈ।

11. ਮੇਰੀ ਸਰਕਾਰ 118 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਬਣਾਉਣ ਲਈ ਵਚਨਬੱਧ ਹੈ। ਇਨ੍ਹਾਂ ਸਕੂਲਾਂ ਵਿੱਚ ਵਿਗਿਆਨਕ ਸਿੱਖਿਆ ਲਈ ਸਮਾਰਟ ਕਲਾਸਰੂਮ, ਪੂਰੀ ਤਰ੍ਹਾਂ ਲੈਸ ਲੈਬਾਂ ਅਤੇ ਖੇਡ ਦੇ ਮੈਦਾਨ ਹੋਣਗੇ।

12. ਸਾਡੇ ਸਕੂਲ ਮੁਖੀਆਂ ਨੂੰ ਵਧੀਆ ਪ੍ਰਬੰਧਨ ਸਿਖਲਾਈ ਅਤੇ ਅਨੁਭਵ ਪ੍ਰਾਪਤ ਕਰਨ ਲਈ 198 ਪ੍ਰਿੰਸੀਪਲਾਂ ਨੇ ਪ੍ਰਿੰਸੀਪਲ ਅਕੈਡਮੀ, ਸਿੰਗਾਪੁਰ ਅਤੇ ਨੈਸ਼ਨਲ ਇੰਸਟੀਚਿਊਟ ਆਫ ਸਿੰਗਾਪੁਰ ਇੰਟਰਨੈਸ਼ਨਲ ਵਿਖੇ ਲੀਡਰਸ਼ਿਪ ਡਿਵੈਲਪਮੈਂਟ ਪ੍ਰੋਗਰਾਮ ਵਿੱਚ ਭਾਗ ਲਿਆ। ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ, ਅਹਿਮਦਾਬਾਦ ਵਿਖੇ ਸਮਰੱਥਾ ਨਿਰਮਾਣ ਲਈ 100 ਹੈੱਡ ਮਾਸਟਰਾਂ ਨੂੰ ਭੇਜਿਆ ਗਿਆ ਸੀ।

13. 'ਪਹਿਲ' ਪ੍ਰੋਗਰਾਮ ਅਧੀਨ ਪੇਂਡੂ ਸਵੈ-ਸਹਾਇਤਾ ਗਰੁੱਪਾਂ ਨੂੰ ਸਕੂਲੀ ਵਿਦਿਆਰਥੀਆਂ ਦੀਆਂ ਵਰਦੀਆਂ ਤਿਆਰ ਕਰਨ ਲਈ ਲਗਾਇਆ ਗਿਆ ਹੈ। ਇਸ ਅਕਾਦਮਿਕ ਸਾਲ

ਵਿੱਚ ਸਵੈ-ਸਹਾਇਤਾ ਸਮੂਹਾਂ ਦੁਆਰਾ ਲਗਭਗ ਤਿੰਨ ਲੱਖ ਵਰਦੀਆਂ ਦਾ ਨਿਰਮਾਣ ਕੀਤਾ ਜਾਵੇਗਾ।

14. ਇਹਨਾਂ ਸਾਰੇ ਯਤਨਾਂ ਨਾਲ ਸਰਕਾਰੀ ਸਕੂਲਾਂ ਵਿੱਚ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖਲਾ ਲਗਭਗ 17% ਵਧਿਆ ਹੈ।

15. ਮੇਰੀ ਸਰਕਾਰ ਨੇ ਉੱਚੇਰੀ ਵਿਦਿਅਕ ਸੰਸਥਾਵਾਂ ਵਿੱਚ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਲਈ ਕੇਂਦਰੀਕ੍ਰਿਤ ਦਾਖਲਾ ਪੋਰਟਲ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ। ਸਾਲ 2023-2024 ਦੇ ਸੈਸ਼ਨ ਦੌਰਾਨ ਲਗਭਗ 1.5 ਲੱਖ ਵਿਦਿਆਰਥੀਆਂ ਨੇ ਪਾਰਦਰਸ਼ੀ ਢੰਗ ਨਾਲ ਅਤੇ ਬਿਨਾਂ ਕਿਸੇ ਮੁਸ਼ਕਲ ਦੇ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈਣ ਵਾਲੇ ਪੋਰਟਲ ਦਾ ਲਾਭ ਲਿਆ।

16. ਮੇਰੀ ਸਰਕਾਰ ਨੇ ਕਿਸਾਨਾਂ, ਖਾਸ ਤੌਰ 'ਤੇ ਆਖਰੀ ਸਿਰੇ ਤੇ ਬੈਠੇ ਕਿਸਾਨ ਜੋ ਸਾਲਾਂ ਤੋਂ ਨਹਿਰੀ ਪਾਣੀ ਤੋਂ ਵਾਂਝੇ ਸਨ, ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਹੈ। ਇਸ ਸਾਲ ਦੌਰਾਨ, ਨਹਿਰੀ ਪਾਣੀ ਦੀ ਵਰਤੋਂ 38% ਤੱਕ ਵਧੀ ਹੈ ਜਦੋਂ ਪਾਣੀ ਦੀ ਮੰਗ ਸਭ ਤੋਂ ਜ਼ਿਆਦਾ ਸੀ। ਇਹ ਨਹਿਰਾਂ ਦੀ ਸਮੇਂ ਸਿਰ ਸਫਾਈ ਅਤੇ ਤਕਨਾਲੋਜੀ ਦੀ ਮਦਦ ਨਾਲ ਨਹਿਰਾਂ ਦੀ ਰੋਜ਼ਾਨਾ ਨਿਗਰਾਨੀ ਕਾਰਨ ਸੰਭਵ ਹੋਇਆ ਹੈ। 400 ਕਿਲੋਮੀਟਰ ਦੀ ਲਗਪਗ ਲੰਬਾਈ ਵਾਲੀਆਂ ਬੰਦ ਪਈਆਂ 45 ਨਹਿਰਾਂ ਨੂੰ ਕਾਰਜਸ਼ੀਲ ਬਣਾਇਆ ਗਿਆ ਸੀ। ਪਹਿਲੀ ਵਾਰ 1000 ਕਿਲੋਮੀਟਰ ਤੋਂ ਵੱਧ ਲੰਬੀ ਨਹਿਰ ਨੂੰ ਕੰਕਰੀਟ ਨਾਲ ਬਣਾਇਆ ਗਿਆ ਹੈ। ਇਸ ਤੋਂ ਇਲਾਵਾ, 14100 ਵਾਟਰ ਕੋਰਸ/ਸੂਏ ਜੋ ਪਿਛਲੇ 30 ਸਾਲਾਂ ਤੋਂ ਖਾਲੀ ਪਏ ਸਨ, ਨੂੰ ਵੀ ਚਾਲੂ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, 10876 ਭਾਈਚਾਰਕ ਤੌਰ ’ਤੇ ਛੱਡੇ ਖਾਲਾਂ ਨੂੰ ਸਰਕਾਰੀ ਖਾਲਾਂ ਵਿਚ

ਬਦਲ ਦਿੱਤਾ ਗਿਆ। ਮੈਂ ਇਸ ਗੱਲ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਨਾ ਚਾਹਾਂਗਾ ਕਿ ਮਾਨਸਾ ਜ਼ਿਲ੍ਹੇ ਦੇ ਬਲਾਕ ਸਰਦੂਲਗੜ੍ਹ, ਜੋ ਕਿ ਪਿਛਲੇ ਲੰਮੇ ਸਮੇਂ ਤੋਂ ਹਰਿਆਣਾ ਦੇ ਟੋਹਾਣਾ ਹੈੱਡਵਰਕਸ ਰਾਹੀਂ ਨਹਿਰੀ ਪਾਣੀ ਲੈਣ ਦੇ ਆਪਣੇ ਜਾਇਜ਼ ਹੱਕ ਤੋਂ ਵਾਂਝਾ ਸੀ, ਸਾਡੀ ਸਰਕਾਰ ਵੱਲੋਂ ਕੀਤੇ ਯਤਨਾਂ ਸਦਕਾ ਹਰਿਆਣਾ ਤੋਂ ਆਪਣਾ ਬਣਦਾ ਹਿੱਸਾ ਪ੍ਰਾਪਤ ਕਰ ਸਕਿਆ ਹੈ।

17. ਮੇਰੀ ਸਰਕਾਰ ਦੁਆਰਾ ਮਨਰੇਗਾ ਤਹਿਤ ਫੰਡਾਂ ਦੀ ਵਰਤੋਂ ਕਰਕੇ ਰਾਜ ਵਿੱਚ 13000 ਕਿਲੋਮੀਟਰ ਤੋਂ ਵੱਧ ਲੰਬਾਈ ਵਾਲੀਆਂ ਨਹਿਰਾਂ ਦੀ ਸਫ਼ਾਈ ਕੀਤੀ ਗਈ। ਇਸ ਨਾਲ ਨਹਿਰਾਂ ਦੀ ਸਫਾਈ ਅਤੇ ਰੀ-ਲਾਈਨਿੰਗ ਲਈ ਮਨਰੇਗਾ ਫੰਡਾਂ ਦੀ ਵਰਤੋਂ ਸਾਲ 2020-21 ਵਿੱਚ 77 ਕਰੋੜ ਰੁਪਏ ਤੋਂ ਵਧ ਕੇ 300 ਕਰੋੜ ਰੁਪਏ ਤੋਂ ਵੱਧ ਹੋ ਗਈ ਹੈ, ਜੋ ਕਿ 300% ਤੋਂ ਵੱਧ ਹੈ।

18. ਮੈਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਮੇਰੀ ਸਰਕਾਰ ਦੇ ਲਗਾਤਾਰ ਯਤਨਾਂ ਅਤੇ ਨਿਗਰਾਨੀ ਦੇ ਨਾਲ, ਸ਼ਾਹਪੁਰ ਕੰਡੀ ਡੈਮ ਪ੍ਰੋਜੈਕਟ ਜੋ ਕਿ ਪਿਛਲੇ 25 ਸਾਲਾਂ ਤੋਂ ਵੱਧ ਸਮੇਂ ਤੋਂ ਚਾਲੂ ਹੋਣ ਲਈ ਲੰਬਿਤ ਸੀ, ਆਖਰਕਾਰ ਚਾਲੂ ਹੋਣ ਦੀ ਉਮੀਦ ਵਿਚ ਹੈ। ਡੈਮ ਦੇ ਭੰਡਾਰ ਵਿੱਚ ਪਾਣੀ ਭਰਨਾ ਸ਼ੁਰੂ ਹੋ ਗਿਆ ਹੈ। ਇਹ ਰਾਜ ਦੇ ਪਾਣੀ ਨੂੰ ਪਾਕਿਸਤਾਨ ਵੱਲ ਜਾਣ ਤੋਂ ਰੋਕਣ ਵਿੱਚ ਮਦਦ ਕਰੇਗਾ। ਇਸ ਨਾਲ 37,000 ਹੈਕਟੇਅਰ ਤੋਂ ਵੱਧ ਦੀ ਸਿੰਚਾਈ ਸਮਰੱਥਾ ਵੀ ਪੈਦਾ ਹੋਵੇਗੀ ਅਤੇ 206 ਮੈਗਾਵਾਟ ਦੀ ਵਾਧੂ ਬਿਜਲੀ ਪੈਦਾ ਕਰਨ ਵਿੱਚ ਮਦਦ ਮਿਲੇਗੀ। ਇਹ ਡੈਮ ਸੈਰ-ਸਪਾਟੇ ਦੀਆਂ ਨਵੀਂਆਂ ਸੰਭਾਵਨਾਵਾਂ ਵੀ ਪੈਦਾ ਕਰੇਗਾ ਜਿਸ ਨਾਲ ਸੂਬੇ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ ।

19. ਮੇਰੀ ਸਰਕਾਰ ਨੇ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ, ਉੱਤਰੀ ਭਾਰਤੀ ਨਹਿਰ ਅਤੇ ਡਰੇਨੇਜ ਐਕਟ 1873 ਨੂੰ ਰੱਦ ਕਰ ਦਿੱਤਾ ਹੈ ਜੋ ਕਿ 150 ਸਾਲ ਪੁਰਾਣਾ ਕਾਨੂੰਨ ਸੀ। ਐਕਟ ਦੀਆਂ ਧਾਰਾਵਾਂ ਅਰਥਹੀਣ ਹੋ ਗਈਆਂ ਸਨ। ਨਵੇਂ ਐਕਟ ਨੇ ਕਿਸਾਨਾਂ ਨੂੰ ਰਾਹਤ ਦੇਣ ਵਾਲੀਆਂ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਇਆ ਹੈ।

20. ਮੇਰੀ ਸਰਕਾਰ ਰਾਜ ਵਿੱਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਤੋਂ ਪੂਰੀ ਤਰ੍ਹਾਂ ਜਾਣੂ ਹੈ। ਕਈ ਜ਼ਿਲ੍ਹਿਆਂ ਵਿੱਚ ਧਰਤੀ ਹੇਠਲਾ ਪਾਣੀ ਚਿੰਤਾਜਨਕ ਦਰ ਨਾਲ ਘਟ ਰਿਹਾ ਹੈ। ਇਸ ਗਿਰਾਵਟ ਦੇ ਰੁਝਾਨ ਨੂੰ ਰੋਕਣ ਲਈ, ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਲਈ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਇਸ ਮਕਸਦ ਲਈ ਸਿਰਫ ਇੱਕ ਸਾਲ ਵਿੱਚ 129 ਰੀਚਾਰਜ ਸਾਈਟਾਂ ਦਾ ਨਿਰਮਾਣ ਕੀਤਾ ਜਾ ਚੁੱਕਾ ਹੈ।

21. ਜਿਵੇਂ ਕਿ ਅਸੀਂ ਸਾਰੇ ਜਾਣਦੇ ਹਾਂ ਕਿ ਰਾਜ ਨੂੰ ਇਸ ਸਾਲ ਭਾਰੀ ਬਾਰਸ਼ ਦਾ ਸਾਹਮਣਾ ਕਰਨਾ ਪਿਆ, ਮਾਨਸੂਨ ਦੀ ਮਿਆਦ ਦੇ 3 ਮਹੀਨਿਆਂ ਲਈ ਪੂਰੀ ਬਾਰਿਸ਼ ਸਿਰਫ 02 ਦਿਨਾਂ ਭਾਵ 9 ਅਤੇ 10 ਜੁਲਾਈ 2023 ਨੂੰ ਹੋਈ । ਹਾਲਾਂਕਿ, ਮੇਰੀ ਸਰਕਾਰ ਨੇ ਤੁਰੰਤ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਉਪਾਅ ਕੀਤੇ ਹਨ ਕਿ ਹੜ੍ਹਾਂ ਕਾਰਨ ਲੋਕਾਂ ਦਾ ਖਾਸ ਕਰਕੇ ਕਿਸਾਨਾਂ ਦਾ ਘੱਟ ਤੋਂ ਘੱਟ ਨੁਕਸਾਨ ਹੋਵੇ। ਇਹ ਪਹਿਲੀ ਵਾਰ ਹੈ ਕਿ ਜੁਲਾਈ ਮਹੀਨੇ ਵਿਚ ਅਜਿਹਾ ਹੜ੍ਹ ਆਇਆ ਜੋ ਸੂਬੇ ਦੇ ਇਤਿਹਾਸ ਵਿਚ ਕਦੇ ਨਹੀਂ ਆਇਆ ਸੀ। ਹਾਲਾਂਕਿ, ਮੇਰੀ ਸਰਕਾਰ ਬੀ.ਬੀ.ਐਮ.ਬੀ.ਨਾਲ ਲਗਾਤਾਰ ਸੰਪਰਕ ਵਿੱਚ ਸੀ ਤਾਂ ਕਿ ਡੈਮਾਂ ਤੋਂ ਪਾਣੀ ਨੂੰ ਬਹੁਤ ਹੀ ਨਿਯਮਿਤ ਢੰਗ ਨਾਲ ਛੱਡਿਆ ਜਾਵੇ।

22. ਮੇਰੀ ਸਰਕਾਰ ਪੰਜਾਬ ਦੇ ਸਾਰੇ ਖੇਤਰਾਂ ਨੂੰ ਭਰੋਸੇਯੋਗ ਅਤੇ ਸਸਤੀ ਬਿਜਲੀ ਪ੍ਰਦਾਨ ਕਰਨ ਲਈ ਵਚਨਬੱਧ ਹੈ। ਅਸੀਂ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ

ਅਤੇ ਸਾਰੇ ਨਾਗਰਿਕਾਂ ਨੂੰ ਲਾਭ ਪਹੁੰਚਾਉਣ ਵਾਲੀਆਂ ਸਕੀਮਾਂ ਨੂੰ ਲਾਗੂ ਕਰਨ ਲਈ ਸਮਰਪਿਤ ਰਹਿੰਦੇ ਹਾਂ।

23. ਮੈਨੂੰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਮੇਰੀ ਸਰਕਾਰ ਨੇ 540 ਮੈਗਾਵਾਟ ਦੀ ਸਮਰੱਥਾ ਵਾਲਾ ਇੱਕ ਪ੍ਰਾਈਵੇਟ ਥਰਮਲ ਪਲਾਂਟ ਜੀ.ਵੀ.ਕੇ. ਗੋਇੰਦਵਾਲ ਸਾਹਿਬ ਦਾ ਬਹੁਤ ਘੱਟ ਕੀਮਤ 'ਤੇ ਅਧਿਗ੍ਰਹਿਣ ਕੀਤਾ ਹੈ ਜੋ ਕਿ ਕਿਸੇ ਵੀ ਰਾਜ ਸਰਕਾਰ ਦੁਆਰਾ ਆਪਣੇ ਆਪ ਵਿੱਚ ਇਤਿਹਾਸਕ ਪ੍ਰਾਪਤੀ ਹੈ। ਇਹ ਪਲਾਂਟ 1080 ਕਰੋੜ ਰੁਪਏ ਭਾਵ 2 ਕਰੋੜ ਰੁਪਏ ਪ੍ਰਤੀ ਮੈਗਾਵਾਟ ਦੀ ਲਾਗਤ ਨਾਲ ਅਧਿਗ੍ਰਹਿਣ ਕੀਤਾ ਗਿਆ ਹੈ, ਜਦਕਿ ਇੱਕ ਨਵੇਂ ਥਰਮਲ ਪਲਾਂਟ ਦੀ ਲਾਗਤ 8.5 ਕਰੋੜ ਰੁਪਏ ਪ੍ਰਤੀ ਮੈਗਾਵਾਟ ਹੈ। ਅਧਿਗ੍ਰਹਿਣ ਤੋਂ ਬਾਅਦ, ਇਸ ਪਲਾਂਟ ਦਾ ਨਾਂ ਬਦਲ ਕੇ ਗੁਰੂ ਅਮਰਦਾਸ ਥਰਮਲ ਪਲਾਂਟ ਰੱਖਿਆ ਗਿਆ ਹੈ। ਪੰਜਾਬ ਦੀ ਆਪਣੀ ਪਛਵਾੜਾ ਕੋਲਾ ਖਾਣ ਤੋਂ ਕੋਲੇ ਦੀ ਵਰਤੋਂ ਨਾਲ ਇਸ ਪਲਾਂਟ ਦੀ ਪੈਦਾਵਾਰ ਦੁੱਗਣੀ ਤੋਂ ਵੀ ਵੱਧ ਹੋ ਜਾਵੇਗੀ। ਬਿਜਲੀ ਖਰੀਦ ਦੀ ਲਾਗਤ ਦੇ ਰੂਪ ਵਿੱਚ ਪ੍ਰਤੀ ਸਾਲ ਲਗਭਗ 350 ਕਰੋੜ ਰੁਪਏ ਦੀ ਬਚਤ ਹੋਵੇਗੀ।

24. ਇਸ ਤੋਂ ਪਹਿਲਾਂ ਪਿਛਲੀਆਂ ਸਰਕਾਰਾਂ ਦੌਰਾਨ, ਸੋਲਰ ਪਾਵਰ ਦੀ ਖਰੀਦ ਲਈ ਪੀ.ਪੀ.ਏਜ਼ 4.73 ਰੁਪਏ ਤੋਂ 17.91 ਰੁਪਏ ਦੀ ਪ੍ਰਤੀ ਯੂਨਿਟ ਦਰ ਨਾਲ ਹਸਤਾਖਰ ਕੀਤੇ ਗਏ ਸਨ। ਮੇਰੀ ਸਰਕਾਰ ਦੇ ਇਮਾਨਦਾਰ ਇਰਾਦਿਆਂ ਦੇ ਕਾਰਨ, ਅਸੀਂ 2.33 ਰੁਪਏ ਤੋਂ 2.76 ਰੁਪਏ ਦੀ ਪ੍ਰਤੀ ਯੂਨਿਟ ਦਰ ਨਾਲ 2804 ਮੈਗਾਵਾਟ ਸੂਰਜੀ ਊਰਜਾ ਲਈ 10 ਪੀ.ਪੀ.ਏਜ਼ ਪ੍ਰਾਪਤ ਕੀਤੇ ਹਨ।

25. ਝਾਰਖੰਡ ਰਾਜ ਦੇ ਪਾਕੁਰ ਜ਼ਿਲ੍ਹੇ ਵਿੱਚ ਸਥਿਤ ਰਾਜ ਦੀ ਪਛਵਾੜਾ ਕੋਲਾ ਖਾਣ, ਜੋ ਪਿਛਲੇ 7 ਸਾਲ ਤੋਂ ਵੱਧ ਸਮੇਂ, ਭਾਵ ਅਪ੍ਰੈਲ 2015 ਤੋਂ ਬੰਦ ਪਈ ਸੀ, ਨੂੰ ਦਸੰਬਰ-2022 ਵਿੱਚ

ਚਾਲੂ ਕੀਤਾ ਗਿਆ ਸੀ। ਹੁਣ ਤੱਕ, ਰਾਜ ਦੇ ਥਰਮਲ ਪਲਾਂਟਾਂ 'ਤੇ ਪਛਵਾੜਾ ਕੋਲਾ ਖਾਣ ਤੋਂ ਲਗਭਗ 40 ਲੱਖ ਮੀਟ੍ਰਿਕ ਟਨ ਕੋਲਾ ਭਾਵ 1000 ਰੇਲਵੇ ਰੈਕ ਪ੍ਰਾਪਤ ਕੀਤੇ ਗਏ ਹਨ, ਜਿਸ ਨਾਲ ਕੋਲੇ ਦੀ ਕੀਮਤ ਘਟਣ ਕਾਰਨ 450 ਕਰੋੜ ਰੁਪਏ ਦੀ ਬਚਤ ਹੋਈ ਹੈ।

26. ਪਛਵਾੜਾ ਤੋਂ ਮਿਆਰੀ ਕੋਲੇ ਨੇ ਪਲਾਂਟ ਦੇ ਸੰਚਾਲਨ ਵਿੱਚ ਸੁਧਾਰ ਕੀਤਾ ਹੈ ਅਤੇ ਪੀ.ਐਸ.ਪੀ.ਸੀ.ਐਲ. ਥਰਮਲ ਪਾਵਰ ਸਟੇਸ਼ਨਾਂ ਨੂੰ ਹੁਣ ਬਿਜਲੀ ਦੇ ਸਰਵੋਤਮ ਉਤਪਾਦਨ ਲਈ ਕੋਲੇ ਦੀ ਘਾਟ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਹੈ ਅਤੇ ਉਨ੍ਹਾਂ ਕੋਲ ਹਮੇਸ਼ਾ 25 ਦਿਨਾਂ ਜਾਂ ਇਸ ਤੋਂ ਵੱਧ ਸਮੇਂ ਤੱਕ ਕੋਲੇ ਦਾ ਭੰਡਾਰ ਹੁੰਦਾ ਹੈ। ਇਸ ਤੋਂ ਇਲਾਵਾ, ਪਛਵਾੜਾ ਕੋਲਾ ਖਾਣ ਤੋਂ ਕੋਲੇ ਦੀ ਉਪਲਬਧਤਾ ਕਾਰਨ ਸੂਬੇ ਦੇ ਆਪਣੇ ਥਰਮਲ ਪਲਾਂਟਾਂ 'ਤੇ 2023-24 ਦੌਰਾਨ ਕੋਈ ਵੀ ਆਯਾਤ ਕੋਲਾ ਨਹੀਂ ਵਰਤਿਆ ਗਿਆ ਜਿਸ ਨਾਲ ਸੈਂਕੜੇ ਕਰੋੜ ਰੁਪਏ ਦੀ ਬਚਤ ਹੋਈ।

27. ਸਾਲ 2023-24 ਦੌਰਾਨ ਪੰਜਾਬ ਨੇ 23.06.2023 ਨੂੰ 15,325 ਮੈਗਾ ਵਾਟਸ ਦੀ ਆਪਣੀ ਹੁਣ ਤੱਕ ਦੀ ਸਭ ਤੋਂ ਵੱਡੀ ਮੰਗ ਨੂੰ ਪੂਰਾ ਕੀਤਾ ਹੈ। ਕੁੱਲ ਮਿਲਾ ਕੇ, ਇੱਕ ਦਿਨ ਦੌਰਾਨ ਮਿਤੀ 09.09.2023 ਨੂੰ 3427 ਲੱਖ ਯੂਨਿਟ ਦੀ ਊਰਜਾ ਦੀ ਰਿਕਾਰਡ ਮੰਗ ਪੂਰੀ ਕੀਤੀ ਗਈ।

28. ਮੇਰੀ ਸਰਕਾਰ ਨੇ ਘਰੇਲੂ, ਵਪਾਰਕ, ਉਦਯੋਗਿਕ ਅਤੇ ਹੋਰ ਖਪਤਕਾਰਾਂ 'ਤੇ ਬਿਜਲੀ ਕੱਟ ਲਗਾਏ ਬਿਨਾਂ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਖਪਤਕਾਰਾਂ ਨੂੰ 8 ਘੰਟੇ ਤੋਂ ਵੱਧ ਦੀ ਸਪਲਾਈ ਯਕੀਨੀ ਬਣਾਈ ਹੈ, ਜਿਸ ਕਾਰਨ ਝੋਨੇ ਦੀ ਬੰਪਰ ਫਸਲ ਹੋਈ ਹੈ।

29. ਜੀਵਨ ਪੱਧਰ ਵਿੱਚ ਸੁਧਾਰ ਲਈ ਬਿਜਲੀ ਇੱਕ ਬੁਨਿਆਦੀ ਲੋੜ ਹੈ। ਮੇਰੀ ਸਰਕਾਰ ਨੇ ਜੁਲਾਈ 2022 ਤੋਂ ਘਰੇਲੂ ਖਪਤਕਾਰਾਂ ਲਈ 300 ਯੂਨਿਟ ਮਹੀਨਾਵਾਰ ਮੁਫਤ ਬਿਜਲੀ

ਯੋਜਨਾ ਲਾਗੂ ਕੀਤੀ ਹੈ। ਇਸ ਨਾਲ ਲਗਭਗ 70 ਲੱਖ ਭਾਵ 90% ਪਰਿਵਾਰਾਂ ਨੂੰ ਲਾਭ ਹੋਇਆ ਹੈ ਜੋ ਬਿਲਿੰਗ ਸਾਈਕਲ ਵਿੱਚ ਜ਼ੀਰੋ ਬਿੱਲ ਪ੍ਰਾਪਤ ਕਰ ਰਹੇ ਹਨ।

30. ਮੇਰੀ ਸਰਕਾਰ ਨੇ ਨਾਗਰਿਕਾਂ ਦੀ ਮੰਗ 'ਤੇ ਉਨ੍ਹਾਂ ਦੇ ਘਰ-ਘਰ ਸੇਵਾਵਾਂ ਪ੍ਰਦਾਨ ਕਰਨ ਲਈ ਡੋਰ-ਸਟੈਪ ਡਿਲੀਵਰੀ ਜਾਂ "ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ" ਨਾਮ ਦੀ ਇੱਕ ਨਵੀਂ ਯੋਜਨਾ ਸ਼ੁਰੂ ਕੀਤੀ ਹੈ। ਇਸ ਸਕੀਮ ਦੇ ਤਹਿਤ, 43 ਨਾਗਰਿਕ ਸੇਵਾਵਾਂ ਦੀ ਪਛਾਣ ਕੀਤੀ ਗਈ ਸੀ ਜਿਨ੍ਹਾਂ ਦੀ ਲੈਣ-ਦੇਣ ਦੀ ਦਰ 99% ਤੋਂ ਵੱਧ ਬਣਦੀ ਹੈ। ਹੁਣ ਤੱਕ 15,000 ਤੋਂ ਵੱਧ ਨਾਗਰਿਕ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ। ਇਸੇ ਤਰ੍ਹਾਂ 'ਆਪ ਕੀ ਸਰਕਾਰ ਆਪ ਦੇ ਦੁਆਰ' ਨਾਮ ਦੀ ਇੱਕ ਹੋਰ ਯੋਜਨਾ ਸ਼ੁਰੂ ਕੀਤੀ ਹੈ, ਜਿਸ ਦੇ ਤਹਿਤ ਨਾਗਰਿਕਾਂ ਨੂੰ ਉਨ੍ਹਾਂ ਦੇ ਪਿੰਡ ਵਿੱਚ ਸੇਵਾਵਾਂ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਕੈਂਪ ਲਗਾਏ ਜਾ ਰਹੇ ਹਨ। 8 ਲੱਖ ਤੋਂ ਵੱਧ ਨਾਗਰਿਕ ਪਹਿਲਾਂ ਹੀ ਕੈਂਪਾਂ ਦਾ ਦੌਰਾ ਕਰ ਚੁੱਕੇ ਹਨ ਅਤੇ ਆਪਣੇ ਘਰਾਂ ਵਿਚ ਸੇਵਾਵਾਂ ਦੀ ਉਪਲਬਧਤਾ ਦਾ ਲਾਭ ਲੈ ਚੁੱਕੇ ਹਨ।

31. ਮੇਰੀ ਸਰਕਾਰ ਰਾਜ ਵਿੱਚ ਨਿਵੇਸ਼ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ। ਸਰਕਾਰ ਦੇ ਮਜਬੂਤ ਯਤਨਾਂ ਸਦਕਾ, ਲਗਪਗ 65,993 ਕਰੋੜ ਰੁਪਏ ਦੇ 4242 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ। ਜਿਨ੍ਹਾਂ ਨਾਲ ਲਗਭੱਗ 3,20,882 ਲੋਕਾਂ ਨੂੰ ਰੁਜ਼ਗਾਰ ਮਿਲੇਗਾ।

32. ਅਸੀਂ ਵਿਕਰੀ ਡੀਡ ਦੀ ਰਜਿਸਟ੍ਰੇਸ਼ਨ ਲਈ ਗ੍ਰੀਨ ਸਟੈਂਪ ਪੇਪਰ ਨੂੰ ਲਿਆਂਦਾ ਹੈ ਤਾਂ ਜੋ ਉਦਯੋਗ ਪ੍ਰੋਜੈਕਟਾਂ ਦੀ ਤੇਜ਼ ਅਤੇ ਨਿਰਵਿਘਨ ਰੈਗੂਲੇਟਰੀ ਕਲੀਅਰੈਂਸਾਂ ਸੁਨਿਸ਼ਚਿਤ ਕੀਤੀਆਂ ਜਾ ਸਕਣ ।

33. ਉਦਯੋਗਾਂ ਦੀਆਂ ਮੁਸ਼ਕਲਾਂ ਨੂੰ ਜਲਦੀ ਹੱਲ ਕਰਨ ਦੇ ਉਦੇਸ਼ ਨਾਲ ਸਲਾਹ-ਮਸ਼ਵਰਾ ਕਰਨ ਲਈ "ਸਰਕਾਰ ਸਨਅਤਕਾਰ ਮਿਲਨੀਆਂ" ਵੱਖ-ਵੱਖ ਸ਼ਹਿਰਾਂ ਵਿੱਚ ਆਯੋਜਿਤ ਕੀਤੀਆਂ ਗਈਆਂ। ਇਹਨਾਂ ਮਿਲਨੀਆਂ ਵਿੱਚ ਕੁਝ ਪ੍ਰਮੁੱਖ ਨੀਤੀਗਤ ਫੈਸਲੇ ਲਏ ਗਏ ਸਨ ਜਿਵੇਂ ਕਿ ਮਾਈਨਿੰਗ ਫੀਸ ਦੀ ਛੋਟ, ਪ੍ਰਾਪਰਟੀ ਟੈਕਸ ਦੀ ਵਨ ਟਾਈਮ ਸੈਟਲਮੈਂਟ ਸਕੀਮ, ਉਦਯੋਗ ਲਈ ਕੰਪਾਊਂਡਿੰਗ ਨੀਤੀ ਵਿੱਚ ਭਾਰੀ ਰਾਹਤ ਅਤੇ ਉਦਯੋਗਿਕ ਫੋਕਲ ਪੁਆਇੰਟਾਂ ਦੇ ਅਪਗ੍ਰੇਡੇਸ਼ਨ 'ਤੇ ਵਿਸ਼ੇਸ਼ ਜ਼ੋਰ ਦੇ ਨਾਲ ਉਦਯੋਗ ਨਾਲ ਸਬੰਧਤ ਬੁਨਿਆਦੀ ਢਾਂਚੇ 'ਤੇ 1158 ਕਰੋੜ ਰੁਪਏ ਖਰਚ ਕੀਤੇ ਜਾਣਗੇ। ਕਰਤਾਰਪੁਰ ਸਾਹਿਬ ਲਾਂਘੇ ਦੇ ਉਦਯੋਗਿਕ ਖੇਤਰਾਂ ਅਤੇ ਆਈ.ਟੀ. ਸਿਟੀ ਮੋਹਾਲੀ ਵਿੱਚ ਦੋ ਨਵੇਂ ਪੁਲਿਸ ਸਟੇਸ਼ਨ ਬਣਾਏ ਗਏ ਹਨ।

34. ਸੂਬੇ ਦੇ ਸੈਰ ਸਪਾਟਾ ਉਦਯੋਗ ਨੂੰ ਵੱਡਾ ਹੁਲਾਰਾ ਦੇਣ ਲਈ ਐਸ.ਏ.ਐਸ.ਨਗਰ ਵਿਖੇ 11-13 ਸਤੰਬਰ, 2023 ਤੱਕ ਤਿੰਨ ਰੋਜ਼ਾ ਰੰਗਲਾ ਪੰਜਾਬ ਸੈਰ ਸਪਾਟਾ ਸੰਮੇਲਨ ਅਤੇ ਟਰੈਵਲ ਮਾਰਟ ਦਾ ਆਯੋਜਨ ਕੀਤਾ ਗਿਆ। ਪਹਿਲੇ ਫਲੈਗਸ਼ਿਪ ਪੰਜਾਬ ਸੈਰ ਸਪਾਟਾ ਸੰਮੇਲਨ ਨੇ ਦੁਨੀਆ ਭਰ ਦੇ ਲੋਕਾਂ ਨੂੰ ਪੰਜਾਬ ਦੀਆਂ ਰਵਾਇਤੀ ਕਦਰਾਂ-ਕੀਮਤਾਂ ਅਤੇ ਅਮੀਰ ਸੱਭਿਆਚਾਰ ਤੋਂ ਜਾਣੂ ਕਰਵਾਇਆ। ਇਸ ਸੰਮੇਲਨ ਵਿੱਚ ਦੇਸ਼ ਭਰ ਤੋਂ ਹਿੱਸਾ ਲੈਣ ਵਾਲੇ ਨਿਵੇਸ਼ਕਾਂ ਨੂੰ ਸੂਬੇ ਵਿੱਚ ਨਿਵੇਸ਼ ਦੇ ਵੱਖ-ਵੱਖ ਮੌਕੇ ਦਰਸਾਏ ਗਏ।

35. ਮੇਰੀ ਸਰਕਾਰ ਵੱਲੋਂ ਪੰਜਾਬ ਰਾਜ ਵਿੱਚ ਵੱਖ-ਵੱਖ ਯਾਦਗਾਰਾਂ ਦੀ ਉਸਾਰੀ, ਰੱਖ-ਰਖਾਅ ਅਤੇ ਮੁਰੰਮਤ ਲਈ ਕੰਮ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਪ੍ਰਮੁੱਖ ਪ੍ਰੋਜੈਕਟ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੀ ਯਾਦਗਾਰ ਅੰਮ੍ਰਿਤਸਰ ਵਿਖੇ ਭਗਵਾਨ ਵਾਲਮੀਕਿ ਰਾਮ ਤੀਰਥ ਸਥਲ ਕੰਪਲੈਕਸ ਵਿਖੇ ਆਧੁਨਿਕ ਪੈਨੋਰਾਮਾ ਦਾ ਵਿਕਾਸ, ਰਾਮਪੁਰਾ ਫੂਲ ਵਿਖੇ ਕਿਲੇ ਦੀ ਸੰਭਾਲ, ਸ੍ਰੀ ਅਨੰਦਪੁਰ ਸਾਹਿਬ ਵਿਰਾਸਤ-ਏ-ਖਾਲਸਾ, ਭਾਈ ਜੈਤਾ ਜੀ

ਮੈਮੋਰੀਅਲ ਦਾ ਨਵੀਨੀਕਰਨ/ਮੁਰੰਮਤ ਆਦਿ ਹਨ। ਮੇਰੀ ਸਰਕਾਰ ਨੇ ਰਾਜ ਵਿੱਚ ਸੈਰ ਸਪਾਟੇ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਐਂਗਲੋ-ਸਿੱਖ ਵਾਰ ਸਰਕਟ ਵਿਕਸਤ ਕਰਨ ਲਈ 15.50 ਕਰੋੜ ਰੁਪਏ ਦੇ ਕੰਮ ਕੀਤੇ ਹਨ।

36. ਮੇਰੀ ਸਰਕਾਰ ਨੇ ਪਿਛਲੇ ਇੱਕ ਸਾਲ ਵਿੱਚ 1,332 ਪਲੇਸਮੈਂਟ ਕੈਂਪਾਂ/ਨੌਕਰੀ ਮੇਲਿਆਂ/ਸਵੈ-ਰੁਜ਼ਗਾਰ ਕੈਂਪਾਂ ਰਾਹੀਂ 1,11,810 ਉਮੀਦਵਾਰਾਂ ਨੂੰ ਨੌਕਰੀ/ਸਵੈ-ਰੁਜ਼ਗਾਰ ਦੀ ਸਹੂਲਤ ਦਿੱਤੀ ਹੈ। ਮੇਰੀ ਸਰਕਾਰ ਨੇ ਰਾਜ ਵਿੱਚ 25 ਨਵੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਦੀ ਸਥਾਪਨਾ ਕੀਤੀ ਹੈ। ਇਨ੍ਹਾਂ ਨਵੀਆਂ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਖੁੱਲ੍ਹਣ ਨਾਲ ਸੂਬੇ ਦੇ ਲਗਭਗ 8000 ਨੌਜਵਾਨਾਂ ਨੂੰ ਲਾਭ ਮਿਲੇਗਾ।

37. ਪਿਛਲੇ ਇਕ ਸਾਲ ਦੌਰਾਨ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਸ ਐਂਡ ਪ੍ਰੈਪਰੇਟਰੀ ਇੰਸਟੀਚਿਊਟ, ਮਾਈ ਭਾਗੋ ਆਰਮਡ ਫੋਰਸਿਸ ਐਂਡ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਸੈਂਟਰ ਫਾਰ ਟ੍ਰੇਨਿੰਗ ਐਂਡ ਇਪਲਾਈਮੈਂਟ ਆਫ਼ ਪੰਜਾਬ ਯੂਥ (ਸੀ-ਪਾਈਟ) ਦੁਆਰਾ 6,079 ਉਮੀਦਵਾਰਾਂ ਨੂੰ ਸਿਖਲਾਈ ਦਿੱਤੀ ਗਈ ਅਤੇ 288 ਉਮੀਦਵਾਰਾਂ ਦੀ ਪਲੇਸਮੈਂਟ ਕੀਤੀ ਗਈ।

38. ਉਮੀਦਵਾਰਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਦੇ ਯਤਨਾਂ ਨੂੰ ਜਾਰੀ ਰੱਖਦੇ ਹੋਏ, ਮੇਰੀ ਸਰਕਾਰ ਨੇ ਭਰਤੀ ਵਿੱਚ ਯੋਗਤਾ ਦੇ ਨਾਲ-ਨਾਲ ਨਿਰਪੱਖਤਾ ਨੂੰ ਵੀ ਯਕੀਨੀ ਬਣਾਇਆ ਹੈ। ਮੇਰੀ ਸਰਕਾਰ ਵੱਲੋਂ ਹੁਣ ਤੱਕ ਸਰਕਾਰ ਦੇ 40 ਅਦਾਰਿਆਂ ਵਿੱਚ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਗਿਣਤੀ 40437 ਹੈ। ਹੁਣ ਬ੍ਰੇਨ ਡਰੇਨ ਦੇ ਰੁਝਾਨ ਫਰਕ ਪਿਆ ਹੈ ਜਿਸ ਵਿੱਚ ਪੰਜਾਬ ਦੇ ਬਹੁਤ ਸਾਰੇ ਯੋਗ

ਨੌਜਵਾਨ ਜੋ ਵਿਦੇਸ਼ ਜਾਣ ਦਾ ਫੈਸਲਾ ਕਰ ਰਹੇ ਸਨ, ਹੁਣ ਪੰਜਾਬ ਸਰਕਾਰ ਦੀ ਸੇਵਾ ਵਿੱਚ ਸ਼ਾਮਲ ਹੋ ਰਹੇ ਹਨ।

39. ਪੇਂਡੂ ਆਜੀਵਿਕਾ ਨੂੰ ਹੋਰ ਉੱਚਾ ਚੁੱਕਣ ਦੇ ਆਪਣੇ ਯਤਨਾਂ ਵਿੱਚ, ਮੇਰੀ ਸਰਕਾਰ ਨੇ ਮਨਰੇਗਾ ਸਕੀਮ ਦੇ ਤਹਿਤ ਮਹੱਤਵਪੂਰਨ ਕਦਮ ਚੁੱਕੇ ਹਨ। ਪੰਜਾਬ ਨੇ ਚਾਲੂ ਵਿੱਤੀ ਸਾਲ ਦੌਰਾਨ ਕੁੱਲ 1200 ਕਰੋੜ ਰੁਪਏ ਦੀ ਲਾਗਤ ਨਾਲ ਰਾਜ ਦੇ ਪੇਂਡੂ ਖੇਤਰਾਂ ਵਿੱਚ ਲਗਭਗ 1.64 ਲੱਖ ਵਿਕਾਸ ਕਾਰਜ ਕੀਤੇ ਹਨ। ਇਸ ਨਾਲ 319 ਲੱਖ ਤੋਂ ਵੱਧ ਦਿਹਾੜੀਆਂ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਮਿਲੀ ਹੈ ਜਿਸਦੇ ਫਲਸਰੂਪ 8.26 ਲੱਖ ਪਰਿਵਾਰਾਂ ਨੂੰ ਗੁਜ਼ਾਰੇ ਲਈ ਲੋੜੀਂਦੀ ਸਹਾਇਤਾ ਮਿਲੀ ਹੈ। ਇਸ ਯੋਜਨਾ ਦੇ ਤਹਿਤ, ਮੇਰੀ ਸਰਕਾਰ ਨੇ ਵੱਖ-ਵੱਖ ਪਿੰਡਾਂ ਵਿੱਚ ਖੇਡਾਂ ਦੇ ਮੈਦਾਨ ਬਣਾਉਣ ਲਈ ਪਹਿਲਕਦਮੀ ਕੀਤੀ ਹੈ, ਜੋ ਕਿ ਸਾਡੇ ਨੌਜਵਾਨਾਂ ਦੇ ਮਨੋਰੰਜਨ ਅਤੇ ਸਰਵਪੱਖੀ ਵਿਕਾਸ ਲਈ ਮਹੱਤਵਪੂਰਨ ਹੈ। ਚਾਲੂ ਵਿੱਤੀ ਸਾਲ ਵਿੱਚ ਹੁਣ ਤੱਕ 1560 ਖੇਡ ਮੈਦਾਨ ਵਿਕਸਤ ਕੀਤੇ ਜਾ ਚੁੱਕੇ ਹਨ ਅਤੇ 2252 ਖੇਡ ਮੈਦਾਨਾਂ ਦਾ ਕੰਮ ਪ੍ਰਗਤੀ ਅਧੀਨ ਹੈ। ਇਸ ਤੋਂ ਇਲਾਵਾ, ਇਸ ਯੋਜਨਾ ਦੇ ਤਹਿਤ, ਵਾਤਾਵਰਣ ਦੀ ਸਥਿਰਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ ਹੈ, ਕਿਉਂਕਿ ਇਸ ਵਿੱਤੀ ਸਾਲ ਦੌਰਾਨ ਰਾਜ ਭਰ ਵਿੱਚ 70 ਲੱਖ ਤੋਂ ਵੱਧ ਰੁੱਖ ਲਗਾਏ ਗਏ ਹਨ।

40. ਪ੍ਰਧਾਨ ਮੰਤਰੀ ਗ੍ਰਾਮੀਣ ਆਵਾਸ ਯੋਜਨਾ ਦੇ ਸਫਲ ਲਾਗੂਕਰਨ ਵਿੱਚ ਸਾਰਿਆਂ ਨੂੰ ਕਿਫਾਇਤੀ ਮਕਾਨ ਮੁਹੱਈਆ ਕਰਵਾਉਣ ਲਈ ਮੇਰੀ ਸਰਕਾਰ ਦੀ ਵਚਨਬੱਧਤਾ ਸਪੱਸ਼ਟ ਹੈ। 39,762 ਟੀਚਾਬੱਧ ਘਰਾਂ ਵਿੱਚੋਂ 89% ਮੁਕੰਮਲ ਹੋਣ ਦੇ ਨਾਲ, ਅਸੀਂ 31 ਮਾਰਚ, 2024 ਤੱਕ ਹਰ ਪੇਂਡੂ ਪਰਿਵਾਰ ਲਈ ਸਨਮਾਨਜਨਕ ਮਕਾਨ ਦੇ ਆਪਣੇ ਵਾਅਦੇ ਨੂੰ ਪੂਰਾ ਕਰਨ ਦੀ ਲੀਹ 'ਤੇ ਹਾਂ।

41. ਗ੍ਰਾਮ ਪੰਚਾਇਤਾਂ ਕੋਲ ਉਪਲਬਧ ਪਿੰਡ ਦੀ ਸਾਂਝੀ ਜ਼ਮੀਨ, ਜਾਂ ਸ਼ਾਮਲਾਟ ਜ਼ਮੀਨ ਤੋਂ ਪ੍ਰਾਪਤ ਹੋਣ ਵਾਲਾ ਮਾਲੀਆ ਗ੍ਰਾਮ ਪੰਚਾਇਤਾਂ ਨੂੰ ਪਿੰਡ ਦੀ ਭਲਾਈ ਲਈ ਵਿਕਾਸ ਕਾਰਜ ਕਰਨ ਲਈ ਲੋੜੀਂਦੇ ਸਰੋਤ ਪ੍ਰਦਾਨ ਕਰਦਾ ਹੈ। ਹਾਲਾਂਕਿ, ਪਿਛਲੇ ਸਾਲਾਂ ਦੌਰਾਨ ਇਹਨਾਂ ਜਨਤਕ ਸੰਪਤੀਆਂ ਦੇ ਕੁਝ ਹਿੱਸਿਆਂ 'ਤੇ ਕਬਜ਼ੇ ਕਾਰਨ ਗ੍ਰਾਮ ਪੰਚਾਇਤਾਂ ਦੇ ਸਰੋਤ ਖਤਮ ਹੋ ਰਹੇ ਹਨ। ਮੇਰੀ ਸਰਕਾਰ ਨੇ ਇਨ੍ਹਾਂ ਜ਼ਮੀਨਾਂ ਨੂੰ ਕਬਜ਼ਿਆਂ ਤੋਂ ਮੁਕਤ ਕਰਨ ਲਈ ਇੱਕ ਸਰਗਰਮ ਕਦਮ ਚੁੱਕਿਆ ਹੈ, ਅਤੇ, ਹੁਣ ਤੱਕ, 12224 ਏਕੜ ਤੋਂ ਵੱਧ ਸ਼ਾਮਲਾਟ ਜ਼ਮੀਨ, ਜਿਸਦੀ ਕੀਮਤ 3000 ਕਰੋੜ ਰੁਪਏ ਤੋਂ ਵੱਧ ਹੈ, ਨੂੰ ਕਬਜ਼ੇ ਤੋਂ ਮੁਕਤ ਕਰਾਇਆ ਗਿਆ ਹੈ ।

42. ਵਾਤਾਵਰਣ ਸਥਿਰਤਾ ਅਤੇ ਸਵੱਛਤਾ ਪ੍ਰਤੀ ਮੇਰੀ ਸਰਕਾਰ ਦੇ ਯਤਨ ਪੇਂਡੂ ਖੇਤਰਾਂ ਵਿੱਚ ਠੋਸ ਅਤੇ ਤਰਲ ਰਹਿੰਦ-ਖੂੰਹਦ ਪ੍ਰਬੰਧਨ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਸਪੱਸ਼ਟ ਹਨ।

43. ਮੇਰੀ ਸਰਕਾਰ ਪੰਜਾਬ ਦੇ ਹਰੇਕ ਪੇਂਡੂ ਪਰਿਵਾਰ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੋ ਰਹੀ ਹੈ ਕਿ ਅਪ੍ਰੈਲ, 2023 ਵਿੱਚ ਪੰਜਾਬ ਹਰ ਪੇਂਡੂ ਘਰ ਵਿੱਚ ਕਾਰਜਸ਼ੀਲ ਘਰੇਲੂ ਟੂਟੀ ਕੁਨੈਕਸ਼ਨ ਪ੍ਰਦਾਨ ਕਰਨ ਵਿੱਚ 100 ਪ੍ਰਤੀਸ਼ਤ ਕਵਰੇਜ ਪ੍ਰਾਪਤ ਕਰਨ ਵਾਲਾ ਦੇਸ਼ ਦਾ ਪੰਜਵਾਂ ਰਾਜ ਬਣ ਗਿਆ ਹੈ ।

44. ਮੇਰੀ ਸਰਕਾਰ ਇਹ ਸੁਨਿਸ਼ਚਿਤ ਕਰਨ ਲਈ ਵਚਨਬੱਧ ਹੈ ਕਿ ਮੁਹੱਈਆ ਕੀਤਾ ਜਾਣ ਵਾਲਾ ਪਾਣੀ ਨੂੰ ਉਚਿਤ ਸੇਵਾ ਪੱਧਰ ਦੇ ਨਾਲ-ਨਾਲ ਚੰਗੀ ਗੁਣਵੱਤਾ ਦਾ ਹੋਵੇ। ਹਾਲ ਹੀ ਦੇ ਸਾਲਾਂ ਵਿੱਚ ਜ਼ਮੀਨੀ ਪਾਣੀ ਦੀ ਬਜਾਏ ਸਤਹ ਦੇ ਪਾਣੀ ਦੀ ਵਰਤੋਂ ਕਰਨ 'ਤੇ ਧਿਆਨ ਕੇਂਦਰਿਤ ਹੈ, ਖਾਸ ਤੌਰ 'ਤੇ ਭੂ-ਵਿਗਿਆਨਕ ਦੂਸ਼ਿਤ ਤੱਤਾਂ ਜਿਵੇਂ ਕਿ ਆਰਸੈਨਿਕ,

ਫਲੋਰਾਈਡ ਅਤੇ ਆਇਰਨ ਨਾਲ ਪ੍ਰਭਾਵਿਤ ਖੇਤਰਾਂ ਵਿੱਚ। ਉਹ ਸਾਰੇ ਪਾਣੀ-ਗੁਣਵੱਤਾ ਨਾਲ ਪ੍ਰਭਾਵਿਤ ਪਿੰਡ (ਗਿਣਤੀ 685) ਜੋ ਕਿ ਸਤਹੀ ਪਾਣੀ ਨਾਲ ਕਵਰ ਨਹੀਂ ਕੀਤੇ ਜਾ ਸਕਦੇ ਸਨ, ਨੂੰ 125.13 ਕਰੋੜ ਰੁਪਏ ਦੀ ਲਾਗਤ ਨਾਲ ਆਰਸੈਨਿਕ ਅਤੇ ਆਇਰਨ ਰਿਮੂਵਲ ਪਲਾਂਟ ਜਾਂ ਕਮਿਊਨਿਟੀ ਸ਼ੁੱਧੀਕਰਨ ਪਲਾਂਟ ਮੁਹੱਈਆ ਕਰਵਾਏ ਗਏ ਹਨ।

45. ਮੇਰੀ ਸਰਕਾਰ ਨੇ ਬਲੂ ਸਟਾਰ ਪ੍ਰਭਾਵਿਤ ਧਰਮੀ ਫੌਜੀ ਦੀ ਮਦਦ ਲਈ ਮਾਸਿਕ ਗ੍ਰਾਂਟ 10,000 ਰੁਪਏ ਤੋਂ ਵਧਾ ਕੇ 12,000 ਰੁਪਏ ਕਰ ਦਿੱਤੀ ਹੈ। ਜੰਗ/ਓਪਰੇਸ਼ਨਾਂ ਵਿੱਚ ਆਪਣੇ ਫਰਜ਼ਾਂ ਨੂੰ ਨਿਭਾਉਂਦੇ ਹੋਏ ਅਪਾਹਜ ਹੋਣ ਵਾਲੇ ਰੱਖਿਆ/ਪੈਰਾ ਮਿਲਟਰੀ ਕਰਮਚਾਰੀ ਨੂੰ ਦਿੱਤਾ ਜਾਣ ਵਾਲਾ ਐਕਸ-ਗ੍ਰੇਸ਼ੀਆ ਦੁੱਗਣਾ ਕਰ ਦਿੱਤਾ ਗਿਆ ਹੈ।

46. ਸਰਕਾਰ ਨੇ ਜੰਗੀ ਜਾਗੀਰ ਦੇ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ 10,000 ਰੁਪਏ ਤੋਂ ਵਧਾ ਕੇ 20,000 ਰੁਪਏ ਸਾਲਾਨਾ ਕਰ ਦਿੱਤੀ ਹੈ।

47. ਮੇਰੀ ਸਰਕਾਰ ਨੇ ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਸ਼ਾਨ, ਜਿਸ ਲਈ ਰਾਜ ਅਤੀਤ ਵਿੱਚ ਜਾਣਿਆ ਜਾਂਦਾ ਸੀ ਪਰ ਦੇਰ ਨਾਲ ਹੇਠਾਂ ਖਿਸਕਣਾ ਸ਼ੁਰੂ ਹੋ ਗਿਆ ਸੀ, ਨੂੰ ਬਹਾਲ ਕਰਨ ਲਈ 2023 ਵਿੱਚ ਰਾਜ ਦੀ ਨਵੀਂ ਖੇਡ ਨੀਤੀ ਨੂੰ ਅਧਿਸੂਚਿਤ ਕੀਤਾ। ਨਵੀਂ ਖੇਡ ਨੀਤੀ ਤਹਿਤ ਪਹਿਲੀ ਵਾਰ ਏਸ਼ਿਆਈ ਖੇਡਾਂ ਵਿੱਚ ਦੇਸ਼ ਦੀ ਨੁਮਾਇੰਦਗੀ ਕਰਨ ਲਈ ਚੁਣੇ ਗਏ ਰਾਜ ਦੇ 58 ਖਿਡਾਰੀਆਂ ਨੂੰ ਤਿਆਰੀ ਗਰਾਂਟ ਵਜੋਂ 4.59 ਕਰੋੜ ਰੁਪਏ ਦੀ ਰਾਸ਼ੀ ਐਡਵਾਂਸ ਵਿੱਚ ਦਿੱਤੀ ਗਈ ਹੈ। ਪਹਿਲੀ ਵਾਰ ਏਸ਼ਿਆਈ ਖੇਡਾਂ ਵਿੱਚ ਪੰਜਾਬ ਦੇ ਖਿਡਾਰੀਆਂ ਨੇ 20 ਤਗ਼ਮੇ ਜਿੱਤੇ, ਜੋ ਕਿ 1951 ਵਿੱਚ ਏਸ਼ੀਆਈ ਖੇਡਾਂ ਸ਼ੁਰੂ ਹੋਣ ਤੋਂ ਬਾਅਦ ਸਭ ਤੋਂ ਵੱਧ ਤਗ਼ਮੇ ਹਨ। ਉਨ੍ਹਾਂ ਨੂੰ ਬਿਨਾਂ ਦੇਰੀ 29.25 ਕਰੋੜ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ। ਮੇਰੀ ਸਰਕਾਰ ਨੇ ਗੋਆ ਵਿਖੇ ਹੋਈਆਂ ਰਾਸ਼ਟਰੀ ਖੇਡਾਂ 2023

ਵਿੱਚ ਤਗਮੇ ਜਿੱਤਣ ਵਾਲੇ ਰਾਜ ਦੇ 136 ਖਿਡਾਰੀਆਂ ਨੂੰ 4.58 ਕਰੋੜ ਰੁਪਏ ਦਾ ਨਕਦ ਇਨਾਮ ਵੀ ਦਿੱਤੇ ਗਏ।

48. 4 ਦਹਾਕਿਆਂ ਬਾਅਦ ਟੋਕੀਓ ਓਲੰਪਿਕ 2021 ਵਿੱਚ ਹਾਕੀ ਵਿੱਚ ਕਾਂਸੀ ਦਾ ਤਗਮਾ ਜਿੱਤਣ ਵਾਲੇ ਰਾਜ ਦੇ 9 ਖਿਡਾਰੀਆਂ ਦੀ ਉਪਲੱਬਧੀ ਨੂੰ ਮਾਨਤਾ ਦੇਣ ਲਈ, ਇੱਕ ਕ੍ਰਿਕਟਰ ਅਤੇ ਇੱਕ ਅਥਲੀਟ ਨੂੰ ਮੇਰੀ ਸਰਕਾਰ ਨੇ ਹਾਲ ਹੀ ਵਿੱਚ 7 ਖਿਡਾਰੀਆਂ ਨੂੰ ਪੀ.ਪੀ.ਐਸ. ਅਤੇ 4 ਨੂੰ ਪੀ.ਸੀ.ਐਸ. ਵਜੋਂ ਨਿਯੁਕਤ ਕੀਤਾ ਹੈ।

49. ਮੇਰੀ ਸਰਕਾਰ ਨੇ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕਰਨ ਦੀ ਪਹਿਲਕਦਮੀ ਕੀਤੀ ਸੀ ਜਿਸ ਵਿੱਚ ਪਿਛਲੇ ਸਾਲ 3.5 ਲੱਖ ਵਿਅਕਤੀਆਂ ਦੀ ਭਾਗੀਦਾਰੀ ਤੋਂ ਦੂਜੇ ਸੀਜ਼ਨ ਵਿੱਚ 4.5 ਲੱਖ ਬੱਚਿਆਂ, ਨੌਜਵਾਨਾਂ ਅਤੇ ਵੈਟਰਨ ਖਿਡਾਰੀਆਂ ਦੀ ਭਾਗੀਦਾਰੀ ਹੋਈ । ਖੇਡਾਂ 'ਵਤਨ ਪੰਜਾਬ ਦੀਆਂ' ਦੇ ਹਰ ਉਮਰ ਵਰਗ ਦੇ 12000 ਜੇਤੂਆਂ ਨੂੰ 8.97 ਕਰੋੜ ਰੁਪਏ ਦੇ ਨਕਦ ਇਨਾਮ ਦਿੱਤੇ ਗਏ।

50. ਮੇਰੀ ਸਰਕਾਰ ਦਾ ਟੀਚਾ ਹੈ ਕਿ ਖੇਡ ਵਿਭਾਗ ਦੇ ਸਟਾਫ ਦੀ ਗਿਣਤੀ ਮੌਜੂਦਾ ਸਮੇਂ ਵਿੱਚ 350 ਤੋਂ ਵਧਾ ਕੇ 2360 ਕੀਤੀ ਜਾਵੇ। ਇਸ ਵਿੱਚੋਂ 500 ਅਸਾਮੀਆਂ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਤਗਮੇ ਜਿੱਤਣ ਵਾਲੇ ਉੱਤਮ ਖਿਡਾਰੀਆਂ ਲਈ ਰਾਖਵੀਆਂ ਹਨ। ਸੂਬੇ ਦੇ ਖਿਡਾਰੀਆਂ ਵਾਸਤੇ ਇਹ ਜਿੱਤ ਵੱਡੀ ਪ੍ਰੇਰਣਾ ਹੋਵੇਗੀ। ਨਵੀਂ ਖੇਡ ਨੀਤੀ ਦੇ ਤਹਿਤ ਸਪੋਰਟਸ ਮੈਡੀਸਨ ਦਾ ਇੱਕ ਨਵਾਂ ਕਾਡਰ ਬਣਾਇਆ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖਿਡਾਰੀ ਵਧੀਆ ਰੂਪ ਵਿੱਚ ਰਹਿਣ।

51. ਮੇਰੀ ਸਰਕਾਰ ਨੇ ਰਾਜ ਵਿੱਚ 1000 ਖੇਡ ਨਰਸਰੀਆਂ ਖੋਲ੍ਹਣ ਦਾ ਫੈਸਲਾ ਕੀਤਾ ਹੈ। ਇਹ ਹਰੇਕ ਪੇਂਡੂ ਅਤੇ ਸ਼ਹਿਰੀ ਪਰਿਵਾਰ ਦੇ 4 ਕਿਲੋਮੀਟਰ ਦੇ ਅੰਦਰ ਇੱਕ ਖੇਡ ਸਹੂਲਤ

ਪ੍ਰਦਾਨ ਕਰੇਗਾ। ਖੇਡ ਨਰਸਰੀਆਂ ਜਿੱਥੇ ਰੋਜ਼ਾਨਾ 60,000 ਬੱਚਿਆਂ ਨੂੰ ਮੁੱਢਲੀ ਕੋਚਿੰਗ, ਸਾਜ਼ੋ-ਸਾਮਾਨ ਅਤੇ ਉੱਚ ਪ੍ਰੋਟੀਨ ਖੁਰਾਕ ਮੁਹੱਈਆ ਕਰਵਾ ਕੇ ਸੂਬੇ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਵਿੱਚ ਸਹਾਈ ਹੋਣਗੀਆਂ, ਉੱਥੇ 1000 ਚੰਗੇ ਖਿਡਾਰੀਆਂ ਨੂੰ ਕੋਚ ਵਜੋਂ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਗੀਆਂ। ਇਹ ਸਿਹਤਮੰਦ ਵਿਕਲਪ ਮੁਹੱਈਆ ਕਰਵਾ ਕੇ ਨੌਜਵਾਨਾਂ ਵਿੱਚ ਨਸ਼ਿਆਂ ਦੇ ਖਤਰੇ ਨੂੰ ਰੋਕਣ ਵਿੱਚ ਵੀ ਮਦਦ ਕਰਨਗੀਆਂ। ਅਜਿਹੇ ਮੌਕੇ ਜਿੱਥੇ ਉਹ ਆਪਣਾ ਸਮਾਂ ਅਤੇ ਊਰਜਾ ਫਲਦਾਇਕ ਢੰਗ ਨਾਲ ਲਗਾ ਸਕਦੇ ਹਨ।

52. ਮੇਰੀ ਸਰਕਾਰ ਪ੍ਰਵਾਸੀ ਭਾਰਤੀਆਂ ਨੂੰ ਉਨ੍ਹਾਂ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੀ ਹੈ। ਪ੍ਰਵਾਸੀ ਭਾਰਤੀ ਉਹਨਾਂ ਦੁਆਰਾ ਕੀਤੇ ਕਿਸੇ ਵੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਵਿੱਚ 50% ਯੋਗਦਾਨ ਪਾ ਸਕਦੇ ਹਨ, ਜਿੱਥੇ ਬਾਕੀ 50% ਰਾਜ ਦੁਆਰਾ ਯੋਗਦਾਨ ਪਾਇਆ ਜਾਂਦਾ ਹੈ।

53. ਮੇਰੀ ਸਰਕਾਰ ਨੇ ਆਦਮਪੁਰ ਵਿਖੇ 110.00 ਕਰੋੜ ਰੁਪਏ ਦੀ ਲਾਗਤ ਨਾਲ ਏਅਰਪੋਰਟ ਅਥਾਰਟੀ ਆਫ਼ ਇੰਡੀਆ ਦੁਆਰਾ ਅਤਿ-ਆਧੁਨਿਕ ਸਿਵਲ ਏਅਰ ਟਰਮੀਨਲ ਦੀ ਉਸਾਰੀ ਲਈ 16 ਕਰੋੜ ਰੁਪਏ ਦੀ ਲਾਗਤ ਵਾਲੀ 40 ਏਕੜ ਜ਼ਮੀਨ ਐਕੁਆਇਰ ਕਰਨ ਵਿਚ ਅਹਿਮ ਭੂਮਿਕਾ ਨਿਭਾਈ ਹੈ। ਇਸ ਤੋਂ ਇਲਾਵਾ ਮੇਰੀ ਸਰਕਾਰ ਨੇ ਵਿਕਾਸ ਨੂੰ ਮਜ਼ਬੂਤ ਬਣਾਉਣ ਲਈ ਜ਼ਰੂਰੀ ਸਹਾਇਕ ਬੁਨਿਆਦੀ ਢਾਂਚਾ ਉਪਲੱਬਧ ਕਰਵਾਉਣ ਲਈ 41.40 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ।

54. ਲੁਧਿਆਣਾ ਵਿਖੇ ਅੰਤਰਰਾਸ਼ਟਰੀ ਸਿਵਲ ਏਅਰ ਟਰਮੀਨਲ ਹਲਵਾਰਾ ਨੂੰ 135.54 ਏਕੜ ਜਮੀਨ ਅਲਾਟ ਕਰਨਾ ਮੇਰੀ ਸਰਕਾਰ ਦੇ ਸਾਕਾਰਤਮਕ ਪ੍ਰਭਾਵ ਨੂੰ ਦਰਸਾਉਂਦਾ ਹੈ।

44.00 ਕਰੋੜ ਰੁਪਏ ਦੇ ਨਿਵੇਸ਼ ਨਾਲ ਇਹ ਮੁਕੰਮਲ ਹੋਣ ਦੇ ਨੇੜੇ ਹੈ ਜੋ ਖੇਤਰੀ ਹਵਾਬਾਜ਼ੀ ਬੁਨਿਆਦੀ ਢਾਂਚੇ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਆਰਜ਼ੀ ਟਰਮੀਨਲ ਨਾਲ ਸਬੰਧਤ ਬੁਨਿਆਦੀ ਢਾਂਚਾ ਜਿਵੇਂ ਸੰਪਰਕ ਸੜਕਾਂ ਅਤੇ ਚਾਰਦਵਾਰੀ ਦੀ ਉਸਾਰੀ ਲਈ 50.00 ਕਰੋੜ ਰੁਪਏ ਦੀ ਵਾਧੂ ਰਾਸ਼ੀ ਦੇਣਾ ਹਵਾਬਾਜ਼ੀ ਨੂੰ ਵਧਾਉਣ ਦੇ ਯਤਨਾਂ ਨੂੰ ਦਰਸਾਉਂਦਾ ਹੈ।

55. ਜਿਵੇਂ ਕਿ ਮੇਰੀ ਸਰਕਾਰ ਨੇ ਵਾਅਦਾ ਕੀਤਾ ਸੀ, ਭ੍ਰਿਸ਼ਟਾਚਾਰ ਦੇ ਖਾਤਮੇ ਦੀ ਮੁਹਿੰਮ ਤੇਜ਼ ਰਫ਼ਤਾਰ ਨਾਲ ਜਾਰੀ ਰਹੇਗੀ। ਪਾਰਦਰਸ਼ੀ ਸ਼ਾਸਨ ਨੂੰ ਯਕੀਨੀ ਬਣਾਉਣ ਲਈ, ਮੇਰੀ ਸਰਕਾਰ ਨੇ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਹੈ। ਰਾਜ ਵਿਜੀਲੈਂਸ ਬਿਊਰੋ, ਪੰਜਾਬ ਨੇ 16-03-2022 ਤੋਂ 08-01-2024 ਤੱਕ ਦੇ ਸਮੇਂ ਦੌਰਾਨ 23 ਗਜ਼ਟਿਡ ਅਫਸਰਾਂ, 193 ਨਾਨ-ਗਜ਼ਟਿਡ ਅਫਸਰਾਂ ਅਤੇ 55 ਪ੍ਰਾਈਵੇਟ ਵਿਅਕਤੀਆਂ ਖਿਲਾਫ 195 ਟਰੈਪ ਕੇਸ ਦਰਜ ਕੀਤੇ ਹਨ, ਜੋ ਕਿ ਗੈਰ-ਕਾਨੂੰਨੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜੇ ਗਏ। ਇਸ ਤੋਂ ਇਲਾਵਾ 241 ਅਪਰਾਧਿਕ ਮਾਮਲੇ ਦਰਜ ਕੀਤੇ ਗਏ, ਜਿਨ੍ਹਾਂ ਵਿੱਚ 82 ਗਜ਼ਟਿਡ ਅਫਸਰ, 269 ਨਾਨ ਗਜ਼ਟਿਡ ਅਫਸਰ ਅਤੇ 300 ਪ੍ਰਾਈਵੇਟ ਵਿਅਕਤੀ ਸ਼ਾਮਲ ਸਨ।

56. ਮੇਰੀ ਸਰਕਾਰ ਨੇ ਰਾਜ ਅਤੇ ਰਾਸ਼ਟਰੀ ਰਾਜਮਾਰਗਾਂ 'ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਇੱਕ ਸਮਰਪਿਤ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕਰਕੇ ਦੇਸ਼ ਵਿੱਚ ਆਪਣੇ ਕਿਸਮ ਦੀ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਹੈ। ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਤਾਜ਼ਾ ਭਰਤੀ ਕੀਤੇ 1597 ਜਵਾਨ ਇਸ ਫੋਰਸ ਦੀ ਰੀੜ ਦੀ ਹੱਡੀ ਵਜੋਂ ਕੰਮ ਕਰਨਗੇ, ਜਿਨ੍ਹਾਂ ਨੂੰ ਆਧੁਨਿਕ ਪੂਰੀ ਤਰ੍ਹਾਂ ਲੈਸ 144 ਵਾਹਨ ਪ੍ਰਦਾਨ ਕੀਤੇ ਗਏ ਹਨ। ਸੜਕੀ ਹਾਦਸਿਆਂ ਦੀ ਸੰਭਾਵਨਾ ਵਾਲੇ ਹਾਈਵੇਅ ਦੇ ਸਾਰੇ

4200 ਕਿਲੋਮੀਟਰ 'ਤੇ ਫੋਰਸ ਤਾਇਨਾਤ ਕੀਤੀ ਗਈ ਹੈ। ਨਿਰਧਾਰਤ ਖੇਤਰਾਂ ਵਿੱਚ ਗਸ਼ਤ ਕਰਨ ਤੋਂ ਇਲਾਵਾ, ਉਹ ਟ੍ਰੈਫਿਕ ਉਲੰਘਣਾਵਾਂ ਲਈ ਇੱਕ ਰੋਕਥਾਮ ਵਜੋਂ ਕੰਮ ਕਰਦੇ ਹਨ ਅਤੇ ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਦੁਰਘਟਨਾਵਾਂ ਦੇ ਮਾਮਲੇ ਵਿੱਚ ਐਮਰਜੈਂਸੀ ਰਿਸਪਾਂਸ ਟੀਮ ਦੀ ਭੂਮਿਕਾ ਅਤੇ ਜ਼ਿੰਮੇਵਾਰੀ ਨਿਭਾਉਂਦੇ ਹਨ। 1 ਫਰਵਰੀ, 2024 ਨੂੰ ਆਪਣੀ ਰਸਮੀ ਸ਼ੁਰੂਆਤ ਦੇ ਦਸ ਦਿਨਾਂ ਦੇ ਅੰਦਰ, ਫੋਰਸ ਨੇ ਅੱਠ ਮਿੰਟ ਤੋਂ ਵੀ ਘੱਟ ਸਮੇਂ ਦੇ ਰਿਕਾਰਡ ਜਵਾਬ ਸਮੇਂ ਵਿੱਚ 25 ਲੋਕਾਂ ਨੂੰ ਨਜ਼ਦੀਕੀ ਹਸਪਤਾਲ ਪਹੁੰਚਾਉਣ ਅਤੇ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਤੋਂ ਇਲਾਵਾ, ਚੌਵੀ ਘੰਟੇ ਤਾਇਨਾਤੀ ਦੇ ਨਤੀਜੇ ਵਜੋਂ ਸਾਰੇ ਰਾਜਮਾਰਗਾਂ ਦੇ ਨਾਲ ਅਪਰਾਧਿਕ ਗਤੀਵਿਧੀਆਂ ਵਿੱਚ ਮਹੱਤਵਪੂਰਨ ਗਿਰਾਵਟ ਆਈ ਹੈ, ਜਦੋਂ ਕਿ ਪੁਲਿਸ ਦੀ ਪਹਿਲਾਂ ਦੀ ਮੌਜੂਦਗੀ ਨਾ ਦੇ ਬਰਾਬਰ ਸੀ।

57. ਮੇਰੀ ਸਰਕਾਰ ਨੇ ਦੁਰਘਟਨਾ ਪੀੜਤਾਂ ਦੇ ਜੀਵਨ ਅਤੇ ਅੰਗਾਂ ਨੂੰ ਬਚਾਉਣ ਲਈ, ਫਰਿਸ਼ਤੇ ਸਕੀਮ ਨੂੰ ਅਧਿਸੂਚਿਤ ਕੀਤਾ ਹੈ। ਦੁਰਘਟਨਾ ਪੀੜਤਾਂ ਦੀ ਮਦਦ ਲਈ ਆਮ ਲੋਕਾਂ ਨੂੰ ਉਨ੍ਹਾਂ ਦੀ ਮੁਸ਼ਕਲ ਰਹਿਤ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ, ਮੇਰੀ ਸਰਕਾਰ ਉਨ੍ਹਾਂ ਦੇ ਚੰਗੇ ਕੰਮਾਂ ਦੀ ਸ਼ਲਾਘਾ ਵਜੋਂ 2000/- ਰੁਪਏ ਦਾ ਵਿੱਤੀ ਇਨਾਮ ਦੇਵੇਗੀ। ਅਜਿਹੇ ਵਿਅਕਤੀਆਂ ਨੂੰ ਵਿੱਤੀ ਇਨਾਮ ਤੋਂ ਇਲਾਵਾ ਸਰਟੀਫਿਕੇਟ ਵੀ ਜਾਰੀ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਕਾਨੂੰਨੀ ਅੜਚਨਾਂ ਅਤੇ ਪੁਲਿਸ ਪੁੱਛਗਿੱਛ ਤੋਂ ਛੋਟ ਦਿੱਤੀ ਗਈ ਹੈ।

58. ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਦਿਨ-ਬ-ਦਿਨ ਸੁਧਰ ਰਹੀ ਹੈ। ਪੰਜਾਬ ਪੁਲਿਸ ਨੇ ਇਸ ਸਬੰਧੀ ਵੱਖ-ਵੱਖ ਪਹਿਲਕਦਮੀਆਂ ਸ਼ੁਰੂ ਕਰ ਦਿੱਤੀਆਂ ਹਨ। ਪ੍ਰਮੁੱਖ ਕਾਰਜਾਂ ਵਿੱਚ ਐਂਟੀ ਗੈਂਗਸਟਰ ਟਾਸਕ ਫੋਰਸ (AGTF) ਅਤੇ ਪੀ.ਜੀ.ਡੀ. (PGD) ਪੋਰਟਲ ਦੀ

ਸ਼ੁਰੂਆਤ ਸ਼ਾਮਲ ਹੈ। ਐਂਟੀ ਗੈਂਗਸਟਰ ਟਾਸਕ ਫੋਰਸ (AGTF) ਨੇ ਰਾਜ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਗੈਂਗਸਟਰਾਂ ਅਤੇ ਅਪਰਾਧੀਆਂ ਦੇ ਖਿਲਾਫ ਸਮਰਪਿਤ ਮੁਹਿੰਮਾਂ ਦੀ ਅਗਵਾਈ ਕੀਤੀ ਹੈ, ਜਿਸ ਨਾਲ ਕਈ ਲੋੜੀਂਦੇ ਗੈਂਗਸਟਰਾਂ ਅਤੇ ਅਪਰਾਧੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਵੱਡੀ ਮਾਤਰਾ ਦੀ ਬਰਾਮਦਗੀ ਦੇ ਨਾਲ ਵੱਖ-ਵੱਖ ਗੈਂਗਸਟਰ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ। ਹੁਣ ਤੱਕ, ਏਜੀਟੀਐਫ ਨੇ ਹੋਰ ਫੀਲਡ ਯੂਨਿਟਾਂ ਨਾਲ ਮਿਲ ਕੇ 951 ਗੈਂਗਸਟਰਾਂ/ਅਪਰਾਧੀਆਂ ਨੂੰ ਗ੍ਰਿਫਤਾਰ, 14 ਗੈਂਗਸਟਰਾਂ ਦਾ ਖਾਤਮਾ, 312 ਮਾਡਿਊਲਾਂ ਦਾ ਪਰਦਾਫਾਸ਼, ਅਪਰਾਧਿਕ ਗਤੀਵਿਧੀਆਂ ਵਿੱਚ ਵਰਤੇ ਗਏ 963 ਹਥਿਆਰ ਅਤੇ 208 ਵਾਹਨ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

59. ਪੰਜਾਬ ਪੁਲਿਸ ਨੇ 16 ਮਾਰਚ, 2022 ਤੋਂ ਹੁਣ ਤੱਕ 18,953 ਐਫ.ਆਈ.ਆਰ. ਦਰਜ ਕਰਕੇ 25,385 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਰਾਜ ਭਰ ਵਿੱਚੋਂ 1860 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ ਅਤੇ ਇਸ ਤੋਂ ਇਲਾਵਾ, ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਗੁਜਰਾਤ ਅਤੇ ਮਹਾਰਾਸ਼ਟਰ ਦੀਆਂ ਬੰਦਰਗਾਹਾਂ ਤੋਂ 147 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਹੈਰੋਇਨ ਦੀ ਕੁੱਲ ਪ੍ਰਭਾਵੀ ਬਰਾਮਦਗੀ 2007 ਕਿਲੋਗ੍ਰਾਮ ਤੱਕ ਪਹੁੰਚ ਗਈ ਹੈ। ਇਸ ਤੋਂ ਇਲਾਵਾ ਪੁਲਿਸ ਨੇ ਸੂਬੇ ਭਰ ਵਿੱਚੋਂ 1247 ਕਿਲੋ ਅਫੀਮ, 1229 ਕਿਲੋ ਗਾਂਜਾ, 604 ਕੁਇੰਟਲ ਭੁੱਕੀ ਅਤੇ ਫਾਰਮਾ ਓਪੀਔਡਜ਼ ਦੀਆਂ 1.12 ਕਰੋੜ ਗੋਲੀਆਂ/ਕੈਪਸੂਲ/ਟੀਕੇ/ ਸ਼ੀਸ਼ੀਆਂ ਵੀ ਬਰਾਮਦ ਕੀਤੀਆਂ ਹਨ। ਨਸ਼ਾ ਤਸਕਰਾਂ ਦੀਆਂ 142 ਕਰੋੜ ਰੁਪਏ ਦੀਆਂ 355 ਜਾਇਦਾਦਾਂ ਨੂੰ ਸਮਰੱਥ ਅਥਾਰਟੀ ਵੱਲੋਂ ਜਬਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ।

60. ਅਪਰਾਧ, ਖਾਸ ਤੌਰ 'ਤੇ ਗੈਂਗਸਟਰ ਗਤੀਵਿਧੀਆਂ ਅਤੇ ਨਸ਼ਿਆਂ ਵਿਰੁੱਧ ਇੱਕ ਪ੍ਰਭਾਵਸ਼ਾਲੀ ਕਾਰਵਾਈ ਸ਼ੁਰੂ ਕੀਤੀ ਗਈ ਸੀ। ਡਰੱਗ ਅਤੇ ਅਪਰਾਧ ਦੇ ਖੇਤਰਾਂ ਵਿੱਚ 210 ਤੋਂ ਵੱਧ ਰਾਜ ਪੱਧਰੀ ਘੇਰਾਬੰਦੀ ਅਤੇ ਖੋਜ ਅਪ੍ਰੇਸ਼ਨ (ਸੀ.ਏ.ਐਸ.ਓ.) ਕੀਤੇ ਗਏ ।

61. ਆਮ ਆਦਮੀ ਨੂੰ ਸਾਈਬਰ ਅਪਰਾਧ ਤੋਂ ਬਚਾਉਣ ਲਈ, ਮੇਰੀ ਸਰਕਾਰ ਨੇ ਡੀਆਈਟੀਏਸੀ ਲੈਬ, ਸਟੇਟ ਸਾਈਬਰ ਕ੍ਰਾਈਮ ਸੈੱਲ ਅਤੇ ਜ਼ਿਲ੍ਹਾ ਪੱਧਰੀ ਸਾਈਬਰ ਕ੍ਰਾਈਮ ਸੈੱਲਾਂ ਸਮੇਤ ਸਾਈਬਰ ਬੁਨਿਆਦੀ ਢਾਂਚੇ ਦੇ ਆਧੁਨਿਕੀਕਰਨ ਲਈ ਫੰਡ ਮਨਜ਼ੂਰ ਕੀਤੇ ਹਨ। ਸਾਡੀਆਂ ਜੇਲ੍ਹਾਂ ਨੂੰ ਆਧੁਨਿਕ ਬਣਾਉਣ ਲਈ, ਨਵੀਂ ਤਕਨੀਕ ਜਿਵੇਂ ਕਿ ਏ.ਆਈ. ਅਧਾਰਤ ਸੀ.ਸੀ.ਟੀ.ਵੀ. ਨਿਗਰਾਨੀ ਪ੍ਰਣਾਲੀ, ਫੁੱਲ ਬਾਡੀ ਸਕੈਨਰ, ਵੀਡੀਓ ਕਾਨਫਰੰਸਿੰਗ (ਵੀ.ਸੀ.) ਸੁਵਿਧਾਵਾਂ ਸਥਾਪਤ ਕੀਤੀਆਂ ਜਾ ਰਹੀਆਂ ਹਨ।

62. ਮੇਰੀ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਨ ਲਈ ਪੰਜਾਬ ਪੁਲਿਸ ਵਿੱਚ ਭਰਤੀ ਲਈ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ। ਮੇਰੀ ਸਰਕਾਰ ਵੱਲੋਂ ਪੁਲਿਸ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।

63. ਮੇਰੀ ਸਰਕਾਰ ਨੇ ਨਵੀਨਤਮ ਨਿਆਂਇਕ ਤਨਖਾਹ ਕਮਿਸ਼ਨ ਦੀਆਂ ਪ੍ਰਵਾਨਿਤ ਸਿਫ਼ਾਰਸ਼ਾਂ ਨੂੰ ਲਾਗੂ ਕੀਤਾ ਹੈ। ਇਸ ਨਾਲ ਪੰਜਾਬ ਰਾਜ ਦੀਆਂ ਅਦਾਲਤਾਂ ਵਿੱਚ ਕੰਮ ਕਰ ਰਹੇ ਹਜ਼ਾਰਾਂ ਨਿਆਂਇਕ ਅਧਿਕਾਰੀਆਂ ਅਤੇ ਉਨ੍ਹਾਂ ਦੇ ਸਹਾਇਕ ਸਟਾਫ ਨੂੰ ਲਾਭ ਹੋਵੇਗਾ।

64. ਮਾਈਨਿੰਗ ਮਾਫੀਆ ਤੋਂ ਜਨਤਾ ਨੂੰ ਰਾਹਤ ਦੇਣ ਲਈ, ਮੇਰੀ ਸਰਕਾਰ ਨੇ ਰਾਜ ਭਰ ਵਿੱਚ ਜਨਤਕ ਮਾਈਨਿੰਗ ਸਾਈਟਾਂ ਖੋਲ੍ਹੀਆਂ ਹਨ। ਇਨ੍ਹਾਂ ਖਾਣਾਂ ਰਾਹੀਂ ਸਥਾਨਕ ਨੌਜਵਾਨਾਂ

ਅਤੇ ਮਜ਼ਦੂਰਾਂ ਲਈ ਵੱਡਾ ਰੁਜ਼ਗਾਰ ਪੈਦਾ ਹੋਇਆ ਹੈ। ਨਹੀਂ ਤਾਂ ਇਹ ਕਮਾਈ ਪਹਿਲਾਂ ਦੀਆਂ ਸਰਕਾਰਾਂ ਵਾਂਗ ਠੇਕੇਦਾਰਾਂ ਦੀ ਜੇਬ ਵਿੱਚ ਪੈ ਜਾਂਦੀ।

65. ਮੇਰੀ ਸਰਕਾਰ ਜਲਦੀ ਹੀ ਜਨਤਕ ਕਰੱਸ਼ਰ ਯੂਨਿਟ ਖੋਲ੍ਹਣ ਦੀ ਪ੍ਰਕਿਰਿਆ ਵਿੱਚ ਹੈ ਜਿੱਥੇ ਕਰੱਸ਼ਡ ਸੈਂਡ ਅਤੇ ਬਜਰੀ ਨੂੰ ਨਿਯੰਤਰਿਤ ਦਰਾਂ 'ਤੇ ਵੇਚਿਆ ਜਾਵੇਗਾ।

66. ਮੇਰੀ ਸਰਕਾਰ ਸ਼ਹਿਰੀ ਸੇਵਾਵਾਂ ਦੇ ਨਿਰੰਤਰ ਅਤੇ ਤੇਜ਼ ਵਿਕਾਸ ਲਈ ਵਚਨਬੱਧ ਹੈ। ਮੈਨੂੰ ਇਹ ਘੋਸ਼ਣਾ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਹਾਊਸਿੰਗ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੁਆਰਾ ਕਰਵਾਏ ਗਏ ਸਵੱਛ ਸਰਵੇਖਣ, 2023 ਵਿੱਚ, ਪੰਜਾਬ ਨੂੰ ਉੱਤਰੀ ਜ਼ੋਨ ਵਿੱਚ ਪਹਿਲਾ ਦਰਜਾ ਦਿੱਤਾ ਗਿਆ ਹੈ।

67. ਮੇਰੀ ਸਰਕਾਰ ਨੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਕਾਇਮ ਰੱਖਦੇ ਹੋਏ, ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਮੌਜੂਦਾ ਵਿੱਤੀ ਸਾਲ ਦੌਰਾਨ 450 ਕਰੋੜ ਰੁਪਏ ਦੀ ਗ੍ਰਾਂਟ ਤੋਂ ਇਲਾਵਾ, ਯੂ.ਐਲ.ਬੀਜ਼. ਕੋਲ ਉਪਲਬਧ ਮਿਊਂਸੀਪਲ ਫੰਡ ਦੇ ਨਾਲ ਵਿਕਾਸ ਕਾਰਜ ਸ਼ੁਰੂ ਕੀਤੇ ਹਨ।

68. ਮੇਰੀ ਸਰਕਾਰ ਨੇ ਨਾਗਰਿਕਾਂ ਲਈ ਸਿਹਤਮੰਦ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਦੇ ਸਾਡੇ ਯਤਨਾਂ ਵਿੱਚ 839.79 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਐਸ.ਟੀ.ਪੀ. ਸਥਾਪਤ ਕਰਕੇ ਅਤੇ ਮੌਜੂਦਾ ਐਸਟੀਪੀਜ਼ ਦੀ ਸਮਰੱਥਾ 703 ਐਮ.ਐਲ.ਡੀ. ਤੱਕ ਵਧਾ ਕੇ ਲੁਧਿਆਣਾ ਵਿਖੇ ਬੁੱਢਾ ਦਰਿਆ ਦਾ ਕਾਇਆ ਕਲਪ ਕੀਤਾ ਹੈ। ਇਸ ਦੇ ਨਤੀਜੇ ਵਜੋਂ ਸਤਲੁਜ ਦਰਿਆ ਵਿੱਚ ਪ੍ਰਦੂਸ਼ਣ ਘਟੇਗਾ ਅਤੇ ਇਸਦੇ ਨਾਲ-ਨਾਲ ਰਹਿਣ ਵਾਲੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਹੋਵੇਗਾ।

69. ਇਸ ਤੋਂ ਇਲਾਵਾ, ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਨੂੰ ਘੱਟ ਕਰਨ ਲਈ, ਪੀਣ ਵਾਲੇ ਪਾਣੀ ਦੇ ਸਰੋਤ ਨੂੰ ਧਰਤੀ ਹੇਠਲੇ ਪਾਣੀ ਤੋਂ ਨਹਿਰੀ ਪਾਣੀ ਵਿੱਚ ਬਦਲਣ ਲਈ ਇੱਕ ਮਿਸਾਲੀ ਤਬਦੀਲੀ ਨੂੰ ਅਪਣਾਇਆ ਗਿਆ ਹੈ। ਮੇਰੀ ਸਰਕਾਰ ਨੇ ਅੰਮ੍ਰਿਤਸਰ ਸ਼ਹਿਰ ਵਿੱਚ 650 ਕਰੋੜ ਰੁਪਏ ਦਾ ਪ੍ਰੋਜੈਕਟ ਸ਼ੁਰੂ ਕੀਤਾ ਹੈ ਅਤੇ ਜਲੰਧਰ ਅਤੇ ਪਟਿਆਲਾ ਵਿਖੇ 850 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਵਾਲੇ ਨਹਿਰੀ ਪਾਣੀ ਅਧਾਰਤ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਸੇ ਤਰ੍ਹਾਂ ਲੁਧਿਆਣਾ ਵਿਖੇ 1300 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਵੱਡਾ ਨਹਿਰੀ ਜਲ ਸਪਲਾਈ ਪ੍ਰੋਜੈਕਟ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਰਾਜ ਦੇ 87 ਕਸਬਿਆਂ ਵਿੱਚ ਲਗਭਗ 550 ਐਮ.ਐਲ.ਡੀ. ਸਮਰੱਥਾ ਵਾਲੇ 87 ਵਾਟਰ ਟਰੀਟਮੈਂਟ ਪਲਾਂਟਾਂ (ਡਬਲਯੂ.ਟੀ.ਪੀ.) ਦੀ ਸਥਾਪਨਾ ਕੀਤੀ ਜਾ ਰਹੀ ਹੈ।

70. ਮੇਰੀ ਸਰਕਾਰ ਨਾਗਰਿਕ ਪੱਖੀ ਅਤੇ ਪਾਰਦਰਸ਼ੀ ਪ੍ਰਸ਼ਾਸਨ ਪ੍ਰਦਾਨ ਕਰਨ ਲਈ ਵਚਨਬੱਧ ਹੈ। ਕਈ ਕੇਂਦਰੀਕ੍ਰਿਤ ਸ਼ਕਤੀਆਂ ਦਾ ਵਿਕੇਂਦਰੀਕਰਨ ਕੀਤਾ ਗਿਆ ਹੈ। ਪੰਜਾਬ ਵਿੱਚ ਘੱਟ ਜੋਖਮ ਵਾਲੀਆਂ ਰਿਹਾਇਸ਼ੀ ਇਮਾਰਤਾਂ ਦੀ ਪ੍ਰਵਾਨਗੀ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ, ਨਵੀਂ ਸਵੈ-ਪ੍ਰਮਾਣੀਕਰਨ ਸਕੀਮ ਸ਼ੁਰੂ ਕੀਤੀ ਗਈ ਹੈ ਜੋ ਸਰਕਾਰੀ ਅਧਿਕਾਰੀਆਂ ਰਾਹੀਂ ਜਾਣ ਦੀ ਬਜਾਏ ਯੋਗ ਪੇਸ਼ੇਵਰਾਂ ਨੂੰ ਇਹਨਾਂ ਇਮਾਰਤਾਂ ਲਈ ਬਿਲਡਿੰਗ ਯੋਜਨਾਵਾਂ ਨੂੰ ਮਨਜ਼ੂਰੀ ਦੇਣ ਦੀ ਆਗਿਆ ਦਿੰਦੀ ਹੈ।

71. ਮੇਰੀ ਸਰਕਾਰ ਨੇ ਹੇਠਲੇ-ਮੱਧਮ ਅਤੇ ਘੱਟ ਆਮਦਨੀ ਵਾਲੇ ਪਰਿਵਾਰਾਂ ਨੂੰ ਕਿਫਾਇਤੀ ਦਰਾਂ 'ਤੇ ਘਰ ਉਪਲਬਧ ਕਰਵਾਉਣ ਲਈ ਕਿਫਾਇਤੀ ਰਿਹਾਇਸ਼ ਨੀਤੀ ਨੂੰ ਅਧਿਸੂਚਿਤ ਕੀਤਾ ਹੈ। ਇਸੇ ਤਰ੍ਹਾਂ, ਮਿਉਂਸੀਪਲ ਸੀਮਾਵਾਂ, ਅਰਬਨ ਅਸਟੇਟ ਅਤੇ ਉਦਯੋਗਿਕ ਫੋਕਲ ਪੁਆਇੰਟਾਂ ਤੋਂ ਬਾਹਰ ਆਉਂਦੀਆਂ ਅਤੇ ਬਿਨਾਂ ਮਨਜ਼ੂਰੀ ਜਾਂ ਮਨਜ਼ੂਰਸ਼ੁਦਾ ਯੋਜਨਾਵਾਂ ਤੋਂ

ਰਹਿਤ ਇਮਾਰਤਾਂ ਨੂੰ ਰਾਹਤ ਦੇਣ ਲਈ, ਮੇਰੀ ਸਰਕਾਰ ਨੇ ਇਨ੍ਹਾਂ ਨੂੰ ਵਾਜਬ ਦਰਾਂ 'ਤੇ ਨਿਯਮਤ ਕਰਵਾਉਣ ਲਈ ਇੱਕ ਨੀਤੀ ਜਾਰੀ ਕੀਤੀ ਹੈ।

72. ਮੇਰੀ ਸਰਕਾਰ ਨੇ ਬਿਲਡਿੰਗ ਪਲਾਨ ਅਤੇ ਲਾਈਸੈਂਸ ਦੀ ਮਨਜ਼ੂਰੀ ਦੇ ਨਾਲ ਜ਼ਮੀਨ ਦੀ ਵਰਤੋਂ ਦੀ ਤਬਦੀਲੀ ਦੀ ਇਜਾਜ਼ਤ ਨੂੰ ਮਿਲਣ ਵਰਗੇ ਉਪਾਵਾਂ ਨਾਲ ਕਾਰੋਬਾਰ ਕਰਨ ਵਿੱਚ ਅਸਾਨੀ ਦੀ ਸਹੂਲਤ ਦਿੱਤੀ ਹੈ। ਇਸ ਤੋਂ ਇਲਾਵਾ, ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ (ਸੀ.ਐਲ.ਯੂ.) ਸਰਟੀਫਿਕੇਟ, ਮੁਕੰਮਲਤਾ ਸਰਟੀਫਿਕੇਟ, ਖਾਕਾ ਅਤੇ ਬਿਲਡਿੰਗ ਯੋਜਨਾਵਾਂ ਦੀ ਤੇਜ਼ੀ ਨਾਲ ਮਨਜ਼ੂਰੀ ਨੂੰ ਯਕੀਨੀ ਬਣਾਉਣ ਲਈ, ਮੇਰੀ ਸਰਕਾਰ ਨੇ ਰੈਗੂਲੇਟਰੀ ਪ੍ਰਵਾਨਗੀਆਂ ਦੇਣ ਲਈ ਸ਼ਹਿਰੀ ਵਿਕਾਸ ਅਥਾਰਟੀਆਂ ਨੂੰ ਸ਼ਕਤੀ ਪ੍ਰਦਾਨ ਕਰਨ ਲਈ ਰੈਗੂਲੇਟਰੀ ਪ੍ਰਵਾਨਗੀਆਂ ਦਾ ਵਿਕੇਂਦਰੀਕਰਨ ਕੀਤਾ ਹੈ।

73. ਇੱਕ ਹੋਰ ਕਦਮ, ਉਦਯੋਗਿਕ ਵਿਕਾਸ ਨੂੰ ਗਤੀ ਦੇਣ ਦੇ ਉਦੇਸ਼ ਨਾਲ, ਮੇਰੀ ਸਰਕਾਰ ਨੇ ਇਮਾਰਤੀ ਯੋਜਨਾਵਾਂ ਦੀ ਪ੍ਰਵਾਨਗੀ ਅਤੇ ਐੱਮ.ਸੀ. ਸੀਮਾ ਤੋਂ ਬਾਹਰ, ਡਾਇਰੈਕਟਰ ਫੈਕਟਰੀਆਂ ਨੂੰ ਇਕੱਲੇ ਉਦਯੋਗਾਂ ਦੇ ਕੰਪਾਊਂਡਿੰਗ ਸਮੇਤ, ਇਕੱਲੇ ਉਦਯੋਗਾਂ ਦੇ ਮੁਕੰਮਲਤਾ ਸਰਟੀਫਿਕੇਟ ਦੇਣ ਲਈ ਸ਼ਕਤੀਆਂ ਦਾ ਵਿਕੇਂਦਰੀਕਰਨ ਕੀਤਾ ਹੈ। ਹੁਣ ਉਦਯੋਗਪਤੀਆਂ ਨੂੰ ਆਪਣੀਆਂ ਫੈਕਟਰੀਆਂ ਦੇ ਬਿਲਡਿੰਗ ਪਲਾਨ ਨੂੰ ਮਨਜ਼ੂਰੀ ਦਿਵਾਉਣ ਲਈ ਦੋ ਵੱਖ-ਵੱਖ ਵਿਭਾਗਾਂ (ਐੱਚ.ਐੱਡ.ਯੂ.ਡੀ. ਅਤੇ ਫੈਕਟਰੀਆਂ) 'ਤੇ ਅਰਜ਼ੀ ਦੇਣ ਦੀ ਲੋੜ ਨਹੀਂ ਹੈ।

74. ਮੇਰੀ ਸਰਕਾਰ ਮੁਹਾਲੀ ਸ਼ਹਿਰ ਨੂੰ ਵਿਸ਼ਵ ਪੱਧਰੀ ਸਹੂਲਤਾਂ ਅਤੇ ਬੁਨਿਆਦੀ ਢਾਂਚੇ ਵਾਲੇ ਭਵਿੱਖ ਦੇ ਸ਼ਹਿਰ ਵਜੋਂ ਵਿਕਸਤ ਕਰਨ ਦੀ ਇੱਛਾ ਰੱਖਦੀ ਹੈ, ਜਿਸ ਵਿੱਚ ਅਤਿ ਆਧੁਨਿਕ ਅੰਤਰਰਾਸ਼ਟਰੀ ਹਵਾਈ ਅੱਡਾ ਵੀ ਸ਼ਾਮਲ ਹੈ। ਮੁਹਾਲੀ ਨੂੰ ਰਾਜ ਵੱਲੋਂ ਉਦਯੋਗਿਕ ਹੱਬ

ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਚੰਡੀਗੜ੍ਹ ਅਤੇ ਆਸ-ਪਾਸ ਦੇ ਖੇਤਰਾਂ ਦੀ ਆਰਥਿਕ ਵਿਕਾਸ ਸੰਭਾਵਨਾ ਨੂੰ ਧਿਆਨ ਵਿੱਚ ਰੱਖਦੇ ਹੋਏ, ਗਮਾਡਾ ਨੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਆਈ.ਟੀ. ਸਿਟੀ ਨੂੰ ਵਿਕਸਿਤ ਕੀਤਾ ਹੈ, ਜਿੱਥੇ ਬਹੁਤ ਸਾਰੇ ਉਦਯੋਗ ਕੰਮ ਕਰ ਰਹੇ ਹਨ। ਭਵਿੱਖ ਦੀਆਂ ਲੋੜਾਂ ਨੂੰ ਦੇਖਦੇ ਹੋਏ ਗਮਾਡਾ ਸੈਕਟਰ 101 ਨੂੰ ਉਦਯੋਗਿਕ ਅਸਟੇਟ ਵਜੋਂ ਵਿਕਸਤ ਕਰੇਗਾ, ਜਿੱਥੇ ਕਈ ਉਦਯੋਗ ਸਥਾਪਿਤ ਕੀਤੇ ਜਾਣਗੇ।

75. ਮੇਰੀ ਸਰਕਾਰ ਮੁਸੀਬਤ ਵਿੱਚ ਫਸੇ ਲੋਕਾਂ ਪ੍ਰਤੀ ਹਮੇਸ਼ਾਂ ਬੇਹੱਦ ਸੰਵੇਦਨਸ਼ੀਲ ਰਹੀ ਹੈ। ਜੁਲਾਈ, 2023 ਦੇ ਮਹੀਨੇ ਦੌਰਾਨ, ਰਾਜ ਨੂੰ ਅਪ੍ਰਤੱਖ ਮੀਂਹ ਕਾਰਨ ਹੜ੍ਹਾਂ ਨਾਲ ਬੁਰੀ ਤਰ੍ਹਾਂ ਨੁਕਸਾਨ ਹੋਇਆ। ਹਾਲਾਂਕਿ, ਮੇਰੀ ਸਰਕਾਰ ਰਾਜ ਦੇ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਸਹਿਯੋਗ ਦਿੱਤਾ ਗਿਆ ਹੈ। ਹੜ੍ਹਾਂ ਦੌਰਾਨ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ। ਉਨ੍ਹਾਂ ਦੇ ਜਾਨੀ ਨੁਕਸਾਨ, ਪਸ਼ੂ ਧਨ, ਘਰਾਂ ਦੇ ਨੁਕਸਾਨ ਅਤੇ ਫਸਲਾਂ ਦੇ ਨੁਕਸਾਨ ਲਈ ਮੁਆਵਜ਼ਾ ਦਿੱਤਾ ਗਿਆ ਸੀ। ਅਜਿਹੀ ਅਪ੍ਰਤੱਖ ਸਥਿਤੀ ਕਾਰਨ ਪੀੜਤ ਲੋਕਾਂ ਦੀ ਤਕਲੀਫ਼ ਨੂੰ ਘੱਟ ਕਰਨ ਲਈ ਰਾਜ ਨੇ ਤੁਰੰਤ ਮੁਆਵਜ਼ਾ ਜਾਰੀ ਕੀਤਾ। ਪਾਣੀ ਦਾ ਵਹਾਅ ਘਟਣ 'ਤੇ, ਮੇਰੀ ਸਰਕਾਰ ਨੇ ਤੁਰੰਤ ਨੁਕਸਾਨੇ ਗਏ ਬੁਨਿਆਦੀ ਢਾਂਚੇ ਨੂੰ ਉਸ ਦੀ ਅਸਲ ਸਥਿਤੀ ਵਿਚ ਬਹਾਲ ਕੀਤਾ।

76. ਮੇਰੀ ਸਰਕਾਰ ਨੇ ਨਵੀਆਂ ਤਹਿਸੀਲਾਂ/ਉਪ-ਤਹਿਸੀਲਾਂ ਕੰਪਲੈਕਸਾਂ ਦੇ ਨਿਰਮਾਣ ਲਈ 155 ਕਰੋੜ ਰੁਪਏ ਜਾਰੀ ਕੀਤੇ ਹਨ। ਸਰਕਾਰ ਦੀ ਤਰਜੀਹ ਹਮੇਸ਼ਾ ਹੀ ਤਹਿਸੀਲਾਂ ਅਤੇ ਸਬ-ਤਹਿਸੀਲਾਂ ਵਿੱਚ ਆਧੁਨਿਕ ਬੁਨਿਆਦੀ ਢਾਂਚਾ ਪ੍ਰਦਾਨ ਕਰਨਾ ਰਹੀ ਹੈ ਜੋ ਕਿ ਸਰਕਾਰ ਨਾਲ ਲੋਕਾਂ ਦੀ ਮੁੱਖ ਸੰਪਰਕ ਕੜੀ ਹੈ। ਮੇਰੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਵੱਖ-ਵੱਖ ਦੇਸ਼ਾਂ ਤੋਂ ਪ੍ਰਾਪਤ ਦਸਤਾਵੇਜ਼ਾਂ ਨੂੰ ਤਸਦੀਕ ਕਰਨ ਲਈ ਆਨਲਾਈਨ ਸੇਵਾ ਪ੍ਰਦਾਨ ਕੀਤੀ ਹੈ ਅਤੇ ਇਸ ਲਈ 06.07.2023 ਨੂੰ ਪੋਰਟਲ ਆਰੰਭ ਕੀਤਾ ਹੈ।

77. ਪੰਜਾਬ ਦੇ ਲੋਕਾਂ ਦੀ ਬਿਹਤਰ ਸੇਵਾ ਕਰਨ ਲਈ ਮੇਰੀ ਸਰਕਾਰ ਨੇ ਜ਼ਿਲ੍ਹਾ ਪਟਵਾਰੀ/ਕਾਨੂੰਗੋ ਕਾਡਰਾਂ ਨੂੰ ਰਾਜ ਵਿਆਪੀ ਕਾਡਰ ਵਿੱਚ ਵਿਲੀਨ ਕੀਤਾ ਹੈ। ਇਸ ਪਹਿਲਕਦਮੀ ਦਾ ਉਦੇਸ਼ ਹਰ ਜ਼ਿਲ੍ਹੇ ਵਿੱਚ ਲੋੜੀਂਦੇ ਪਟਵਾਰੀਆਂ ਦੀ ਮੌਜੂਦਗੀ ਦੀ ਗਾਰੰਟੀ ਦੇਣਾ, ਉਨ੍ਹਾਂ ਦੀਆਂ ਤਾਇਨਾਤੀਆਂ ਨੂੰ ਸੁਚਾਰੂ ਬਣਾਉਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਰਾਜ ਦੇ ਹਰੇਕ ਵਿਅਕਤੀ ਤੱਕ ਬਿਨਾਂ ਕਿਸੇ ਮੁਸ਼ਕਲ ਦੇ ਮਾਲ ਸੇਵਾਵਾਂ ਦੀ ਪਹੁੰਚ ਹੋਵੇ।

78. ਮੇਰੀ ਸਰਕਾਰ ਨੇ ਕਣਕ ਅਤੇ ਝੋਨੇ ਦੇ ਖਰੀਦ ਨੂੰ ਸਫਲਤਾਪੂਰਵਕ ਸੰਚਾਲਿਤ ਕੀਤਾ ਹੈ। 185 ਲੱਖ ਟਨ ਝੋਨਾ ਅਤੇ 130 ਲੱਖ ਟਨ ਕਣਕ ਨਿਰਵਿਘਨ ਖਰੀਦੀ ਗਈ ਅਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਿਆ। ਦੋਵਾਂ ਸੀਜ਼ਨਾਂ ਲਈ ਕੈਸ਼ ਕ੍ਰੈਡਿਟ ਲਿਮਿਟ (ਸੀ.ਸੀ.ਐਲ.) ਰਿਕਾਰਡ ਸਮੇਂ ਵਿੱਚ ਪ੍ਰਾਪਤ ਹੋਈ ਅਤੇ ਖਰੀਦ ਦੇ ਪਹਿਲੇ ਦਿਨ ਤੋਂ ਹੀ ਕਿਸਾਨਾਂ ਨੂੰ ਅਦਾਇਗੀਆਂ ਸ਼ੁਰੂ ਹੋ ਗਈਆਂ, ਇਹ ਇੱਕ ਅਜਿਹੀ ਪ੍ਰਾਪਤੀ ਜੋ ਪਿਛਲੀਆਂ ਸਰਕਾਰਾਂ ਵਿੱਚ ਕਦੇ ਨਹੀਂ ਹੋਈ ਸੀ।

79. ਮੇਰੀ ਸਰਕਾਰ ਨੇ ਫੋਰਟੀਫਾਈਡ ਰਾਈਸ ਕਰਨਲ (ਐਫ.ਆਰ.ਕੇ.) ਦੀ ਖਰੀਦ, ਡਿਲੀਵਰੀ ਅਤੇ ਸਵੀਕ੍ਰਿਤੀ ਦੇ ਮਾਪਦੰਡਾਂ ਵਿੱਚ ਢੁਕਵੇਂ ਸੋਧਾਂ ਰਾਹੀਂ ਰਾਜ ਵਿੱਚ ਰਾਈਸ ਸ਼ੈਲਰ ਉਦਯੋਗ ਨੂੰ ਇੱਕ ਵੱਡੀ ਰਾਹਤ ਪ੍ਰਦਾਨ ਕਰਨ ਲਈ ਭਾਰਤ ਸਰਕਾਰ ਨਾਲ ਸਫਲਤਾਪੂਰਵਕ ਗੱਲਬਾਤ ਕੀਤੀ ਹੈ।

80. ਮੇਰੀ ਸਰਕਾਰ ਪੰਜਾਬ ਵਿੱਚ ਇੱਕ ਵਿਸ਼ਾਲ ਸੜਕੀ ਨੈੱਟਵਰਕ ਵਿਛਾਉਣ ਅਤੇ ਇਸਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਖ-ਵੱਖ ਯੋਜਨਾਵਾਂ ਚਲਾ ਰਹੀ ਹੈ। ਮੌਜੂਦਾ ਵਿੱਤੀ

ਸਾਲ ਦੇ ਤਹਿਤ, 740 ਕਿਲੋਮੀਟਰ ਨਵੀਆਂ ਪਲਾਨ ਸੜਕਾਂ ਦੇ ਨਿਰਮਾਣ 'ਤੇ 570 ਕਰੋੜ ਰੁਪਏ ਖਰਚ ਕਰਨ ਦੀ ਯੋਜਨਾ ਹੈ।

81. ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਦਿੱਲੀ-ਕਟੜਾ ਐਕਸਪ੍ਰੈਸ-ਵੇਅ ਦਾ ਨਿਰਮਾਣ ਕਰ ਰਹੀ ਹੈ ਜਿਸ ਵਿੱਚ ਗਿਆਰਾਂ (11) ਨੰ. ਪੈਕੇਜ ਪੰਜਾਬ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਹਨ। ਮੇਰੀ ਸਰਕਾਰ ਭੂਮੀ ਗ੍ਰਹਿਣ ਪ੍ਰੋਜੈਕਟ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੂਰਾ ਸਹਿਯੋਗ ਦੇ ਰਹੀ ਹੈ। ਗਿਆਰਾਂ (11) ਪੈਕੇਜਾਂ ਵਿੱਚੋਂ ਦਸ (10) ਲਈ, ਨਿਰਧਾਰਤ ਮਿਤੀਆਂ ਘੋਸ਼ਿਤ ਕੀਤੀਆਂ ਗਈਆਂ ਹਨ ਅਤੇ ਇਹਨਾਂ 'ਤੇ ਕੰਮ ਐਨ.ਐਚ.ਏ.ਆਈ. ਦੁਆਰਾ ਸੁਚਾਰੂ ਢੰਗ ਨਾਲ ਕੀਤਾ ਜਾ ਰਿਹਾ ਹੈ।

82. ਵਿੱਤੀ ਸਾਲ 2023-24 ਦੌਰਾਨ ਲਿੰਕ ਰੋਡ ਸਕੀਮ ਲਈ, 836 ਕਿਲੋਮੀਟਰ ਲੰਬਾਈ ਦੀਆਂ ਪੇਂਡੂ ਸੜਕਾਂ ਨੂੰ ਪੂਰਾ ਕੀਤਾ ਗਿਆ ਹੈ ਅਤੇ 106 ਕਰੋੜ ਰੁਪਏ ਖਰਚ ਕੀਤੇ ਗਏ ਹਨ।

83. ਮੇਰੀ ਸਰਕਾਰ ਨੇ ਪੰਜਾਬ ਦੇ ਵਾਸੀਆਂ ਨੂੰ 3 ਟਾਇਰ ਏ.ਸੀ. ਰੇਲ ਗੱਡੀ ਅਤੇ ਏ.ਸੀ. ਬੱਸਾਂ ਵਿੱਚ ਦੇਸ਼ ਭਰ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਤੱਕ ਮੁਫਤ ਲਿਜਾਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਅਧਿਸੂਚਿਤ ਕੀਤਾ ਹੈ। ਭਾਰਤ ਇੱਕ ਧਾਰਮਿਕ ਦੇਸ਼ ਹੋਣ ਦੇ ਨਾਤੇ ਇੱਥੋਂ ਦੇ ਲੋਕਾਂ ਲਈ ਤੀਰਥ ਸਥਾਨ ਬਹੁਤ ਮਹੱਤਵਪੂਰਨ ਹਨ ਕਿਉਂਕਿ ਇਨ੍ਹਾਂ ਸਥਾਨਾਂ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਜੁੜੀਆਂ ਹੋਈਆਂ ਹਨ। ਪੰਜਾਬ ਰਾਜ ਵਿੱਚ ਬਹੁਤ ਸਾਰੇ ਅਜਿਹੇ ਬਜ਼ੁਰਗ ਹਨ ਜੋ ਵੱਖ-ਵੱਖ ਉਮਰਾਂ ਅਤੇ ਆਰਥਿਕ ਸਾਧਨਾਂ ਦੀ ਘਾਟ ਕਾਰਨ ਭਾਰਤ ਦੇ ਤੀਰਥ ਸਥਾਨਾਂ ਦੇ ਦਰਸ਼ਨ ਨਹੀਂ ਕਰ ਸਕਦੇ। ਇਸ ਤੋਂ ਇਲਾਵਾ ਸੂਬੇ ਦੇ ਹਰ ਵਿਅਕਤੀ ਦਾ ਇਹ ਸੁਪਨਾ ਹੈ ਕਿ ਉਹ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ

ਇੱਕ ਵਾਰ ਤੀਰਥ ਸਥਾਨਾਂ ਦੇ ਦਰਸ਼ਨ ਜ਼ਰੂਰ ਕਰੇ। ਮੇਰੀ ਸਰਕਾਰ ਦੁਆਰਾ ਸ਼ਰਧਾਲੂਆਂ ਲਈ ਆਰਾਮਦਾਇਕ ਰਿਹਾਇਸ਼, ਭੋਜਨ, ਸਥਾਨਕ ਯਾਤਰਾ ਅਤੇ ਸਵਾਗਤੀ ਕਿੱਟਾਂ ਦਾ ਪ੍ਰਬੰਧ ਕੀਤਾ ਗਿਆ । ਮੇਰੀ ਸਰਕਾਰ ਨੇ ਸ੍ਰੀ ਹਜ਼ੂਰ ਸਾਹਿਬ, ਨਾਂਦੇੜ, ਪਟਨਾ ਸਾਹਿਬ, ਵਾਰਾਣਸੀ, ਮਥੁਰਾ, ਵ੍ਰਿੰਦਾਵਨ ਅਤੇ ਅਜਮੇਰ ਸ਼ਰੀਫ ਲਈ ਰੇਲ ਗੱਡੀਆਂ ਚਲਾਉਣ ਲਈ ਆਈ.ਆਰ.ਸੀ.ਟੀ.ਸੀ. ਨਾਲ ਇੱਕ ਐਮ.ਓ.ਯੂ. ਦਸਤਖਤ ਕੀਤੇ ਹਨ। ਕੇਵਲ ਇੱਕ ਰੇਲਗੱਡੀ ਉਪਲਬਧ ਕਰਵਾਈ ਗਈ ਸੀ ਜੋ 1000 ਸ਼ਰਧਾਲੂਆਂ ਨੂੰ ਸ੍ਰੀ ਹਜ਼ੂਰ ਸਾਹਿਬ ਲੈ ਗਈ ਸੀ ਅਤੇ ਉਸ ਤੋਂ ਬਾਅਦ ਆਈ.ਆਰ.ਸੀ.ਟੀ.ਸੀ. ਦੁਆਰਾ ਕੋਈ ਰੇਲਗੱਡੀ ਉਪਲਬਧ ਨਹੀਂ ਕਰਵਾਈ ਗਈ। ਰੇਲਗੱਡੀਆਂ ਤੋਂ ਇਲਾਵਾ ਮੇਰੀ ਸਰਕਾਰ ਨੇ ਸ਼ਰਧਾਲੂਆਂ ਲਈ ਏ.ਸੀ ਬੱਸਾਂ ਰਾਹੀਂ ਪੰਜਾਬ ਅਤੇ ਆਸ-ਪਾਸ ਦੇ ਰਾਜਾਂ ਦੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਵੀ ਪ੍ਰਬੰਧ ਕੀਤੇ ਹਨ। ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ, ਮਾਤਾ ਵੈਸ਼ਨੋ ਦੇਵੀ ਜੀ, ਮਾਤਾ ਜਵਾਲਾ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਨੈਣਾ ਦੇਵੀ ਜੀ, ਖਾਟੂ ਸ਼ਾਮ ਜੀ ਅਤੇ ਸਾਲਾਸਰ ਬਾਲਾਜੀ ਧਾਮ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਗਏ। ਹਰ ਰੋਜ਼ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ 10 ਬੱਸਾਂ ਸ਼ਰਧਾਲੂਆਂ ਨੂੰ ਇਨ੍ਹਾਂ ਧਾਰਮਿਕ ਸਥਾਨਾਂ ਤੱਕ ਲਿਜਾਣ ਲਈ ਵਰਤੀਆਂ ਜਾਂਦੀਆਂ ਹਨ। 25.02.2024 ਤੱਕ ਕੁੱਲ 25577 ਸ਼ਰਧਾਲੂਆਂ ਨੂੰ ਲੈ ਕੇ ਵੱਖ-ਵੱਖ ਗੁਰਧਾਮਾਂ ਲਈ 602 ਬੱਸਾਂ ਭੇਜੀਆਂ ਗਈਆਂ।

84. ਮੇਰੀ ਸਰਕਾਰ ਨੇ ਡ੍ਰਾਈਵਿੰਗ ਲਾਇਸੰਸ ਅਤੇ ਰਜਿਸਟ੍ਰੇਸ਼ਨ ਸਰਟੀਫਿਕੇਟਾਂ ਲਈ ਲਗਭਗ ਸਾਰੀਆਂ ਸੇਵਾਵਾਂ ਵਾਹਨ ਅਤੇ ਸਾਰਥੀ ਵੈੱਬ ਐਪਲੀਕੇਸ਼ਨਾਂ ਉਪਰ ਉਪਲਬਧ ਕਰਵਾਈਆਂ ਹਨ, ਵਾਹਨਾਂ ਦਾ ਆਨਲਾਈਨ ਨਿਰੀਖਣ ਅਤੇ ਫਿਟਨੈੱਸ, ਏਕੀਕ੍ਰਿਤ

ਵਾਹਨ ਵੈੱਬ ਐਪਲੀਕੇਸ਼ਨ ਦੇ ਨਾਲ ਮੋਟਰ ਵਹੀਕਲ ਇੰਸਪੈਕਟਰਾਂ ਦੁਆਰਾ ਇੱਕ ਮੋਬਾਈਲ-ਅਧਾਰਿਤ ਐਪਲੀਕੇਸ਼ਨ ਰਾਹੀਂ ਕੀਤਾ ਜਾਂਦਾ ਹੈ।

85. ਵੀ.ਵੀ.ਐਮ.ਪੀ. (ਵਲੰਟਰੀ ਵਹੀਕਲ ਮਾਡਰਨਾਈਜ਼ੇਸ਼ਨ ਪ੍ਰੋਗਰਾਮ) ਦੇ ਤਹਿਤ, ਮੇਰੀ ਸਰਕਾਰ ਨੇ ਲੁਧਿਆਣਾ ਅਤੇ ਮੋਰਿੰਡਾ ਵਿੱਚ ਦੋ ਵਾਹਨ ਸਕ੍ਰੈਪਿੰਗ ਸੁਵਿਧਾਵਾਂ ਨੂੰ ਕਾਰਜਸ਼ੀਲ ਬਣਾਇਆ ਹੈ। ਉਪਰੋਕਤ ਸੁਵਿਧਾਵਾਂ 'ਤੇ ਸਕ੍ਰੈਪ ਕੀਤਾ ਗਿਆ ਵਾਹਨ ਨਵੇਂ ਵਾਹਨਾਂ ਦੀ ਖਰੀਦ 'ਤੇ ਟੈਕਸ ਛੋਟ ਦਾ ਹੱਕਦਾਰ ਹੋਵੇਗਾ।

86. ਮੇਰੀ ਸਰਕਾਰ ਨੇ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਤੋਲੇਵਾਲ ਵਿਖੇ ਇੱਕ ਖੇਤਰੀ ਡਰਾਈਵਿੰਗ ਸਿਖਲਾਈ ਕੇਂਦਰ ਸਥਾਪਿਤ ਕੀਤਾ ਹੈ ਜੋ ਇਸ ਸਮੇਂ ਹੈਵੀ ਲਾਇਸੈਂਸ ਦੇ ਨਵੀਨੀਕਰਨ ਲਈ ਰਿਫਰੈਸ਼ਰ ਕੋਰਸ ਦੀ ਪੇਸ਼ਕਸ਼ ਕਰ ਰਿਹਾ ਹੈ ਅਤੇ ਜਿਸ ਨੂੰ ਬਾਅਦ ਵਿੱਚ ਪੂਰੇ ਹੈਵੀ ਵਾਹਨ ਲਾਇਸੈਂਸ ਟੈਸਟ ਟਰੈਕ ਵਿੱਚ ਅੱਪਗ੍ਰੇਡ ਕੀਤਾ ਜਾਵੇਗਾ।

87. ਪਿਛਲੇ ਸਾਲਾਂ ਦੀ ਤਰ੍ਹਾਂ, ਵਿੱਤੀ ਸਾਲ 2022-23 ਦੌਰਾਨ ਝੋਨੇ ਵਿੱਚ 21.40% ਅਤੇ ਕਣਕ ਵਿੱਚ 46.24% ਦੀ ਹੱਦ ਤੱਕ ਕੇਂਦਰੀ ਪੂਲ ਵਿੱਚ ਰਾਜ ਦੇ ਨਿਰੰਤਰ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਮੇਰੀ ਸਰਕਾਰ ਨੇ ਹੋਰ ਫਸਲਾਂ ਵਿੱਚ ਵੀ ਇਸੇ ਤਰ੍ਹਾਂ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਪਹਿਲਕਦਮੀਆਂ ਕੀਤੀਆਂ ਹਨ। ਰਾਜ ਵਿੱਚ ਫਸਲਾਂ ਦੀ ਵਿਭਿੰਨਤਾ ਲਈ ਫੋਕਸ ਉਹਨਾਂ ਬਦਲਵੀਆਂ ਫਸਲਾਂ ਵੱਲ ਤਬਦੀਲ ਕੀਤਾ ਗਿਆ ਹੈ ਜੋ ਬਹੁਤ ਘੱਟ ਪਾਣੀ ਦੀ ਖਪਤ ਵਾਲੀਆਂ ਫਸਲਾਂ ਹਨ। ਮੇਰੀ ਸਰਕਾਰ ਨੇ ਪੰਜਾਬ ਦੀ ਕਪਾਹ ਪੱਟੀ ਵਿੱਚ ਕਪਾਹ ਦੀ ਬਿਹਤਰ ਉਤਪਾਦਕਤਾ ਨੂੰ ਯਕੀਨੀ ਬਣਾਉਣ ਲਈ ਲਗਭਗ 87,000 ਕਿਸਾਨਾਂ ਨੂੰ ਕਪਾਹ ਦੇ ਬੀਜ 'ਤੇ 17.13 ਕਰੋੜ ਰੁਪਏ ਦੀ 33% ਸਬਸਿਡੀ ਮੁਹੱਈਆ ਕਰਵਾਈ ਹੈ ।

88. ਮੇਰੀ ਸਰਕਾਰ ਝੋਨੇ ਦੀ ਫ਼ਸਲ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ 1500/- ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ। ਇਸੇ ਸਕੀਮ ਤਹਿਤ ਸਾਲ 2023-24 ਦੌਰਾਨ 19,097 ਕਿਸਾਨਾਂ ਵੱਲੋਂ 75 ਕਰੋੜ ਰੁਪਏ ਦੀ ਬਜਟ ਸਬਸਿਡੀ ਰਾਸ਼ੀ ਨਾਲ ਲਗਭਗ 1,70,000 ਏਕੜ ਰਕਬੇ ਨੂੰ ਸ਼ਾਮਲ ਕੀਤਾ ਗਿਆ ਹੈ।

89. ਬਾਸਮਤੀ ਦੀ ਫਸਲ ਨੂੰ ਕਿਸਾਨਾਂ ਲਈ ਲਾਹੇਵੰਦ ਅਤੇ ਆਰਥਿਕ ਤੌਰ 'ਤੇ ਆਕਰਸ਼ਕ ਬਣਾਉਣ ਲਈ, ਮੇਰੀ ਸਰਕਾਰ ਨੇ ਅਪੇਡਾ (ਖੇਤੀਬਾੜੀ ਅਤੇ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ) ਦੇ ਤਾਲਮੇਲ ਵਿੱਚ ਇੱਕ ਬਾਸਮਤੀ ਐਕਸਟੈਂਸ਼ਨ-ਖੋਜ ਕੇਂਦਰ ਅਤੇ ਇੱਕ ਰਹਿੰਦ-ਖੂੰਹਦ ਜਾਂਚ ਪ੍ਰਯੋਗਸ਼ਾਲਾ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨਾਲ ਪੰਜਾਬ ਦੀ ਬਾਸਮਤੀ ਦੀ ਨਿਰਯਾਤ ਅਤੇ ਕਿਸਾਨਾਂ ਨੂੰ ਸਿੱਧੇ ਤੌਰ 'ਤੇ ਲਾਭ ਪਹੁੰਚਾਏਗਾ। ਇਹ ਬਾਸਮਤੀ ਰਹਿੰਦ-ਖੂੰਹਦ ਦੀ ਪਰਖ ਲੈਬਾਰਟਰੀ ਜਲੰਧਰ ਵਿਖੇ ਸਥਾਪਿਤ ਕੀਤੀ ਜਾਵੇਗੀ। ਬਾਸਮਤੀ ਦੀ ਕਾਸ਼ਤ ਹੇਠ ਰਕਬਾ ਵਧਾਉਣ ਲਈ ਕਿਸਾਨ ਮਿੱਤਰ ਅਤੇ ਸੁਪਰਵਾਈਜ਼ਰ ਵੀ ਭਰਤੀ ਕੀਤੇ ਜਾਣਗੇ। ਬਾਸਮਤੀ ਹੇਠਲਾ ਰਕਬਾ ਸਾਉਣੀ 2022 ਵਿੱਚ 4.95 ਲੱਖ ਹੈਕਟੇਅਰ ਤੋਂ ਵੱਧ ਕੇ ਸਾਉਣੀ 2023 ਵਿੱਚ 5.96 ਲੱਖ ਹੈਕਟੇਅਰ ਹੋ ਗਿਆ ਹੈ, ਜੋ ਕਿ ਪਿਛਲੇ ਸਾਲ ਨਾਲੋਂ ਲਗਭਗ 20% ਵੱਧ ਹੈ। ਕਿਸਾਨਾਂ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਦੀ ਬਾਸਮਤੀ ਨਿਰਯਾਤ ਕਰਨ ਦੇ ਯੋਗ ਬਣਾਉਣ ਲਈ, ਮੇਰੀ ਸਰਕਾਰ ਨੇ ਰਾਜ ਵਿੱਚ 10 ਖੇਤੀ ਕੀਟਨਾਸ਼ਕਾਂ ਦੀ ਵਰਤੋਂ 'ਤੇ ਪਾਬੰਦੀ ਲਗਾ ਦਿੱਤੀ ਹੈ ਜਿਸ ਨਾਲ ਬਾਸਮਤੀ ਦੀ ਫ਼ਸਲ ਵਿੱਚ ਕੀਟਨਾਸ਼ਕਾਂ ਦੀ ਰਹਿੰਦ-ਖੂੰਹਦ ਦੀ ਸਮੱਸਿਆ ਦੀ ਰੋਕਥਾਮ ਵਿੱਚ ਬਹੁਤ ਵਧੀਆ ਨਤੀਜੇ ਸਾਹਮਣੇ ਆਏ ਹਨ।

90. ਮੇਰੀ ਸਰਕਾਰ ਰਾਜ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਇਨ-ਸੀਟੂ ਅਤੇ ਐਕਸ-ਸੀਟੂ ਪ੍ਰਬੰਧਨ ਲਈ ਮਸ਼ੀਨਰੀ ਖਰੀਦਣ ਲਈ ਕਿਸਾਨ ਸਮੂਹਾਂ/ਪੰਚਾਇਤਾਂ ਨੂੰ 80% ਸਬਸਿਡੀ ਅਤੇ ਵਿਅਕਤੀਗਤ ਕਿਸਾਨਾਂ ਨੂੰ 50% ਸਬਸਿਡੀ ਪ੍ਰਦਾਨ ਕਰ ਰਹੀ ਹੈ। ਵਿੱਤੀ ਸਾਲ (ਵਿੱਤੀ ਸਾਲ) 2018-19 ਤੋਂ ਵਿੱਤੀ ਸਾਲ 2022-23 ਤੱਕ ਪਰਾਲੀ ਪ੍ਰਬੰਧਨ ਲਈ ਕੁੱਲ 1,17,000 ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ। ਵਿੱਤੀ ਸਾਲ 2023-24 ਦੌਰਾਨ ਇਸ ਸਕੀਮ ਤਹਿਤ ਕਿਸਾਨਾਂ ਨੂੰ ਲਗਭਗ 23,000 ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਅਤੇ ਇਸੇ ਤਰ੍ਹਾਂ ਆਉਣ ਵਾਲੇ ਵਿੱਤੀ ਸਾਲ ਵਿੱਚ ਵੀ ਇਸ ਸਕੀਮ ਨੂੰ ਜਾਰੀ ਰੱਖਿਆ ਜਾਵੇਗਾ। ਮੇਰੀ ਸਰਕਾਰ ਕੰਪਰੈੱਸਡ ਬਾਇਓਗੈਸ (ਸੀਬੀਜੀ) ਪ੍ਰੋਜੈਕਟਾਂ ਦੇ ਵਿਕਾਸ ਲਈ ਵੀ ਜ਼ੋਰਦਾਰ ਢੰਗ ਨਾਲ ਅੱਗੇ ਵਧ ਰਹੀ ਹੈ ਜੋ 1.87 ਮਿਲੀਅਨ ਟਨ ਪ੍ਰਤੀ ਸਾਲ ਦੀ ਵਾਧੂ ਝੋਨੇ ਦੀ ਪਰਾਲੀ ਦੀ ਵਰਤੋਂ ਕਰਨਗੇ। ਅਜਿਹੇ ਉਪਰਾਲਿਆਂ ਨੇ ਪਿਛਲੇ ਸਾਉਣੀ ਦੀ ਵਾਢੀ ਦੇ ਸੀਜ਼ਨ ਦੌਰਾਨ ਅੱਗ ਦੀਆਂ ਘਟਨਾਵਾਂ ਨੂੰ ਘਟਾ ਕੇ 49,922 ਤੋਂ 36,623 ਕਰ ਦਿੱਤਾ ਹੈ, ਜੋ ਕਿ ਇਸ ਸੀਜ਼ਨ 26% ਹੈ।

91. ਕਿਸਾਨਾਂ ਦੇ ਹਿੱਤਾਂ ਪ੍ਰਤੀ ਸੰਵੇਦਨਸ਼ੀਲ ਹੋਣ ਦੇ ਨਾਤੇ, ਮੇਰੀ ਸਰਕਾਰ ਗੰਨਾ ਉਤਪਾਦਕਾਂ ਨੂੰ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਦੇ ਨਾਲ-ਨਾਲ ਪਿਛਲੇ ਬਕਾਏ ਦੀ ਅਦਾਇਗੀ ਕਰਨ ਲਈ ਸਰਗਰਮ ਰਹੀ ਹੈ। ਪਿੜਾਈ ਸਾਲ 2022-23 ਦੌਰਾਨ, ਪੰਜਾਬ ਦੀਆਂ ਖੰਡ ਮਿੱਲਾਂ ਨੇ 30.11.2023 ਤੱਕ ਕਿਸਾਨਾਂ ਨੂੰ ਕੁੱਲ 2572 ਕਰੋੜ ਰੁਪਏ ਵਿੱਚੋਂ 2558 ਕਰੋੜ ਰੁਪਏ ਦੀ ਅਦਾਇਗੀ ਕੀਤੀ, ਜਿਸ ਵਿੱਚ ਨਿੱਜੀ ਖੰਡ ਮਿੱਲਾਂ ਨੇ 1846 ਕਰੋੜ ਰੁਪਏ ਵਿੱਚੋਂ 1831 ਕਰੋੜ ਰੁਪਏ ਕਿਸਾਨਾਂ ਨੂੰ ਅਦਾ ਕੀਤੇ ਅਤੇ 14 ਕਰੋੜ ਰੁਪਏ ਦੀ ਬਾਕੀ ਰਕਮ ਅਦਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਪੰਜਾਬ ਦੀਆਂ ਸਹਿਕਾਰੀ ਖੰਡ

ਮਿੱਲਾਂ ਵੱਲੋਂ ਕਿਸਾਨਾਂ ਨੂੰ 725 ਕਰੋੜ ਰੁਪਏ ਦੀ ਸਾਰੀ ਬਕਾਇਆ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ।

92. ਮੇਰੀ ਸਰਕਾਰ ਨੇ ਆਪਣੀ ਗੱਲ 'ਤੇ ਕਾਇਮ ਰਹਿੰਦੇ ਹੋਏ ਸੂਬੇ ਵਿੱਚ ਖੇਤੀਬਾੜੀ ਸਬੰਧੀ ਮੁੱਦਿਆਂ ਨੂੰ ਹੱਲ ਕਰਨ ਲਈ ਕਿਸਾਨਾਂ ਨਾਲ ਗੱਲਬਾਤ ਕਰਨ ਹਿਤ ਸਰਕਾਰ-ਕਿਸਾਨ ਮਿਲਨੀ ਦਾ ਆਯੋਜਨ ਕੀਤਾ ਹੈ।

93. ਮੇਰੀ ਸਰਕਾਰ ਨੇ ਮੌਜੂਦਾ ਬਟਾਲਾ ਸ਼ੂਗਰ ਮਿੱਲ ਦੇ ਅੰਦਰ 14 ਮੈਗਾਵਾਟ ਕੋ-ਜਨਰੇਸ਼ਨ ਪਲਾਂਟ ਦੇ ਨਾਲ 3500 ਟੀ.ਸੀ.ਡੀ. ਸਮਰੱਥਾ ਵਾਲਾ ਇੱਕ ਨਵਾਂ ਖੰਡ ਪਲਾਂਟ ਲਗਾਇਆ, ਜੋ ਮਾਰਚ-2024 ਦੇ ਅੰਤ ਤੱਕ ਸ਼ੁਰੂ ਹੋਣ ਦੀ ਉਮੀਦ ਹੈ ਅਤੇ ਮੌਜੂਦਾ ਗੁਰਦਾਸਪੁਰ ਸ਼ੂਗਰ ਮਿੱਲ ਦੇ ਅੰਦਰ ਇੱਕ ਨਵਾਂ ਖੰਡ ਪਲਾਂਟ (28 ਮੈਗਾਵਾਟ ਨਾਲ 5000 ਟੀ.ਸੀ.ਐਸ. ਸਮਰੱਥਾ ਵਾਲਾ ਕੋ-ਜਨਰੇਸ਼ਨ ਪਲਾਂਟ) ਲਗਾਇਆ ਜਾ ਰਿਹਾ ਹੈ ਅਤੇ ਮਾਰਚ-2024 ਦੇ ਅੰਤ ਤੱਕ ਸ਼ੁਰੂ ਹੋਣ ਦੀ ਸੰਭਾਵਨਾ ਹੈ।

94. ਮੇਰੀ ਸਰਕਾਰ ਨੇ ਸਾਲ 2023-24 ਦੌਰਾਨ 51.00 ਕਰੋੜ ਰੁਪਏ ਦੀ ਲਾਗਤ ਨਾਲ ਮਾਰਕਫੈੱਡ ਅਧੀਨ ਗੋਦਾਮਾਂ ਦੀ ਪੂਰਨ ਸਮਰੱਥਾ 75,000 ਮੀਟਰਕ ਟਨ ਕੀਤੀ ਹੈ। ਸੂਬੇ ਦੇ ਕਾਰੀਗਰਾਂ ਨੂੰ ਉੱਚਾ ਚੁੱਕਣ ਲਈ ਮੇਰੀ ਸਰਕਾਰ ਨੇ ਮਿਸ਼ਨ ਫੁਲਕਾਰੀ ਦੇ ਨਾਂ ਹੇਠ ਇੱਕ ਪ੍ਰੋਜੈਕਟ ਸ਼ੁਰੂ ਕੀਤਾ ਹੈ ਜਿਸ ਵਿੱਚ ਪਿੰਡ ਪੱਧਰ ਦੇ ਕਾਰੀਗਰਾਂ ਨੂੰ ਨਵੀਨਤਮ ਸ਼ਿਲਪਕਾਰੀ ਲਈ ਨੈਸ਼ਨਲ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ, ਦਿੱਲੀ ਵੱਲੋਂ ਸਿਖਲਾਈ ਦਿੱਤੀ ਗਈ ਹੈ।

95. ਫਰਵਰੀ, 2023 ਤੋਂ ਅਪ੍ਰੈਲ, 2023 ਤੱਕ ਇੱਕ ਮੁਹਿੰਮ ਤਹਿਤ ਰਾਜ ਦੀ 100% ਪਸ਼ੂ ਆਬਾਦੀ ਨੂੰ ਲੰਪੀ ਸਕਿਨ ਡਿਜ਼ੀਜ਼ (ਐਲ.ਐਸ.ਡੀ.) ਵੈਕਸੀਨ ਦੀਆਂ 25 ਲੱਖ ਖੁਰਾਕਾਂ

ਮੁਫ਼ਤ ਦਿੱਤੀਆਂ ਗਈਆਂ। ਚਾਲੂ ਸਾਲ ਦੌਰਾਨ ਸੂਬੇ ਦੀ 100 ਫੀਸਦੀ ਪਸ਼ੂ ਆਬਾਦੀ ਨੂੰ ਐਲ.ਐਸ.ਡੀ ਵੈਕਸੀਨ ਦੁਬਾਰਾ ਮੁਫ਼ਤ ਦਿੱਤੀ ਜਾਵੇਗੀ।

96. ਪਿਛਲੇ ਇੱਕ ਸਾਲ ਵਿੱਚ ਉੱਚ ਜੈਨੇਟਿਕ ਸੰਭਾਵੀ ਮਾਦਾ ਵੱਛੇ ਪੈਦਾ ਕਰਨ ਲਈ ਸੈਕਸਡ ਸੀਮਨ ਦੀਆਂ 1,30,000 ਖੁਰਾਕਾਂ ਖਰੀਦੀਆਂ ਗਈਆਂ ਹਨ। ਇਸ ਨਾਲ ਸੂਬੇ ਵਿੱਚ ਅਵਾਰਾ ਪਸ਼ੂਆਂ ਦੀ ਸਮੱਸਿਆ ਨੂੰ ਹੱਲ ਕਰਨ ਵਿੱਚ ਕਾਫੀ ਮਦਦ ਮਿਲੇਗੀ।

97. ਮੇਰੀ ਸਰਕਾਰ ਨੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਪਰਾਲੇ ਵਜੋਂ ਮੱਛੀ ਅਤੇ ਝੀਂਗਾ ਪਾਲਣ ਦੇ ਪ੍ਰੋਜੈਕਟ ਸ਼ੁਰੂ ਕਰਨ ਲਈ ਲਾਭਪਾਤਰੀਆਂ ਨੂੰ ਸਬਸਿਡੀ ਦੇ ਰਹੀ ਹੈ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਮੁਹੱਈਆ ਕਰਨ ਲਈ ਡੇਅਰੀ ਯੂਨਿਟ ਸਥਾਪਤ ਕਰਨ ਵਿੱਚ ਸਹਾਇਤਾ ਕਰ ਰਹੀ ਹੈ।

98. ਰਾਜ ਦੇ ਵਿੱਤ ਨੂੰ ਇਕੱਤਰ ਕਰਨ ਅਤੇ ਭਵਿੱਖ ਵਿੱਚ ਕਰਜ਼ੇ ਦੀਆਂ ਵਚਨਬੱਧਤਾਵਾਂ ਦੇ ਨਿਪਟਾਰੇ ਲਈ ਢੁਕਵੀਂ ਵਿਵਸਥਾ ਬਣਾਉਣ ਲਈ, ਮੇਰੀ ਸਰਕਾਰ ਨੇ ਵਿੱਤੀ ਸਾਲ 2023-24 ਦੌਰਾਨ ਰਾਜ ਦੇ ਕੰਸੋਲੀਡੇਟਿਡ ਸਿਨਕਿੰਗ ਫੰਡ (ਸੀ.ਐਸ.ਐਫ.) ਵਿੱਚ 1750 ਕਰੋੜ ਰੁਪਏ ਦਾ ਯੋਗਦਾਨ ਪਾਇਆ ਹੈ, ਜਿਸ ਨਾਲ ਕੁੱਲ ਯੋਗਦਾਨ 7738 ਕਰੋੜ ਰੁਪਏ ਹੋ ਗਿਆ ਹੈ।

99. ਮੇਰੀ ਸਰਕਾਰ ਪਿਛਲੇ ਦੋ ਸਾਲਾਂ ਦੌਰਾਨ ਠੋਸ ਯਤਨਾਂ ਰਾਹੀਂ ਆਪਣੇ ਟੈਕਸ ਮਾਲੀਏ ਵਿੱਚ ਦੋਹਰੇ ਅੰਕਾਂ ਦੀ ਵਾਧਾ ਦਰ ਹਾਸਲ ਕਰਨ ਵਿੱਚ ਕਾਮਯਾਬ ਰਹੀ ਹੈ, ਅਰਥਾਤ ਆਪਣੇ-ਟੈਕਸ ਮਾਲ ਵਿੱਚ 21% ਵਾਧਾ; ਰਾਜ ਜੀਐਸਟੀ ਵਿੱਚ 16% ਵਾਧਾ; ਵੈਟ ਪ੍ਰਾਪਤੀਆਂ ਵਿੱਚ 13% ਵਾਧਾ ਅਤੇ ਵਾਹਨਾਂ ਉੱਤੇ ਰਾਜ ਦੇ ਆਬਕਾਰੀ ਅਤੇ ਟੈਕਸਾਂ ਵਿੱਚ ਕ੍ਰਮਵਾਰ

11% ਵਾਧਾ (ਨਵੰਬਰ, 2023 ਤੱਕ) ਇਸਦੇ ਪ੍ਰਭਾਵੀ ਯਤਨਾਂ ਅਤੇ ਪ੍ਰਾਪਤੀਆਂ ਦਾ ਸੰਕੇਤ ਹੈ।

100. ਪੰਜਾਬ ਬਿਲਡਿੰਗ ਫਿਸਕਲ ਐਂਡ ਇੰਸਟੀਚਿਊਸ਼ਨਲ ਰੈਜ਼ੀਲੈਂਸ ਫਾਰ ਗਰੋਥ (ਬੀਐਫਏਆਈਆਰ ਪ੍ਰੋਜੈਕਟ) ਦੇ ਤਹਿਤ, ਮੇਰੀ ਸਰਕਾਰ ਨੇ ਵਿੱਤੀ ਪ੍ਰਬੰਧਨ ਵਿੱਚ ਸਿਖਲਾਈ ਪ੍ਰਦਾਨ ਕਰਕੇ ਸਟਾਫ ਦੀ ਸਮਰੱਥਾ ਵਧਾਉਣ ਦੀਆਂ ਪਹਿਲਕਦਮੀਆਂ ਕੀਤੀਆਂ ਹਨ।

101. ਪੰਜਾਬ ਰਾਜ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ, ਸਾਡੇ ਵਿੱਤ ਵਿਭਾਗ ਨੇ ਆਪਣਾ ਆਈ.ਐਫ.ਐਮ.ਐਸ. ਬਣਾਇਆ ਅਤੇ ਕਈ ਹੋਰ ਆਨਲਾਈਨ ਮਾਡਿਊਲ ਜਿਵੇਂ ਕਿ ਈ-ਵਾਉਚਰ, ਈ-ਸੈਂਕਸ਼ਨ, ਗੈਰ-ਖਜ਼ਾਨਾ ਲੇਖਾ ਮਾਡਿਊਲ ਆਦਿ ਵਿਕਸਿਤ ਕਰਨ ਲਈ ਕਾਰਜਸ਼ੀਲ ਹੈ। ਇਸ ਦੇ ਲਾਗੂ ਹੋਣ ਨਾਲ ਭੁਗਤਾਨ ਪ੍ਰਣਾਲੀ ਹੋਰ ਮਜਬੂਤ, ਪਾਰਦਰਸ਼ੀ ਅਤੇ ਕਾਗਜ਼ ਰਹਿਤ ਹੋ ਜਾਵੇਗੀ। ਪੈਨਸ਼ਨ ਕੇਸਾਂ ਨੂੰ ਸਮੇਂ ਸਿਰ ਜਮ੍ਹਾਂ ਕਰਾਉਣ ਦੀ ਸਹੂਲਤ ਲਈ, ਪੈਨਸ਼ਨ ਮਾਡਿਊਲ ਨੂੰ ਪੰਜਾਬ ਭਰ ਵਿੱਚ ਲਾਈਵ ਕੀਤਾ ਗਿਆ ਹੈ, ਜਿਸ ਨਾਲ ਮੈਨੂਅਲ ਪ੍ਰੋਸੈਸਿੰਗ ਕਾਰਨ ਹੋਣ ਵਾਲੀ ਬੇਲੋੜੀ ਦੇਰੀ ਨੂੰ ਦੂਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਓਲਡ ਪੈਨਸ਼ਨਰ ਡਾਟਾਬੇਸ ਮਾਡਿਊਲ ਅਤੇ ਮੈਡੀਕਲ ਰੀਇਮਬਰਸਮੈਂਟ ਮਾਡਿਊਲ ਵੀ ਪੰਜਾਬ ਵਿੱਚ ਲਾਗੂ ਕਰਨ ਲਈ ਤਿਆਰ ਹਨ।

102. ਮੇਰੀ ਸਰਕਾਰ ਨੇ ਪਿਛਲੇ ਸਾਲ ਦੇ ਮੁਕਾਬਲੇ ਮੌਜੂਦਾ ਵਿੱਤੀ ਸਾਲ ਦੌਰਾਨ ਆਬਕਾਰੀ ਅਤੇ ਕਰ ਦੇ ਮਾਲੀਏ ਦੀ ਉਗਰਾਹੀ ਵਿੱਚ ਸ਼ਾਨਦਾਰ ਉਛਾਲ ਦੇਖਿਆ ਹੈ। ਪਿਛਲੇ ਵਿੱਤੀ ਸਾਲ ਦੇ ਮੁਕਾਬਲੇ, ਜਨਵਰੀ 2024 ਤੱਕ, ਜੀਐਸਟੀ 15003 ਕਰੋੜ ਰੁਪਏ ਤੋਂ 15.77%

ਵਧ ਕੇ 17,369 ਕਰੋੜ ਰੁਪਏ ਹੋ ਗਿਆ ਹੈ; ਵੈਟ 5319 ਕਰੋੜ ਤੋਂ 10.89% ਵਧ ਕੇ 5,898 ਕਰੋੜ ਰੁਪਏ ਅਤੇ ਆਬਕਾਰੀ ਮਾਲੀਆ 9.99% ਵਧ ਕੇ 6701 ਕਰੋੜ ਰੁਪਏ ਤੋਂ 7370 ਕਰੋੜ ਰੁਪਏ ਹੋ ਗਿਆ ਹੈ। ਵਿੱਤੀ ਸਾਲ 2022-23 ਦੀ ਇਸ ਮਿਆਦ ਦੇ ਮੁਕਾਬਲੇ ਜਨਵਰੀ 2024 ਤੱਕ ਕੁਲ ਟੈਕਸ ਮਾਲੀਆ 27342 ਕਰੋੜ ਰੁਪਏ ਤੋਂ 13.44% ਵਧ ਕੇ 31018 ਕਰੋੜ ਰੁਪਏ ਹੋ ਗਿਆ ਹੈ।

103. ਮੇਰੀ ਸਰਕਾਰ ਨੇ ਮਾਲੀਆ ਇਕੱਠਾ ਕਰਨ ਅਤੇ ਟੈਕਸ ਚੋਰੀ ਨੂੰ ਰੋਕਣ ਲਈ ਜੀਐਸਟੀ ਡੇਟਾ ਦੇ ਬਿਗ ਡੇਟਾ ਵਿਸ਼ਲੇਸ਼ਣ ਲਈ ਆਈ.ਆਈ.ਟੀ. ਹੈਦਰਾਬਾਦ ਦੀ ਨਿਯੁਕਤੀ ਕੀਤੀ ਹੈ।

104. ਲੰਬਿਤ ਮਾਮਲਿਆਂ ਦੇ ਬੋਝ ਨੂੰ ਘਟਾਉਣ, ਵਪਾਰ ਅਤੇ ਉਦਯੋਗ ਨੂੰ ਜੀ.ਐਸ.ਟੀ. ਦੇ ਅਧੀਨ ਉਹਨਾਂ ਦੀ ਪਾਲਣਾ 'ਤੇ ਧਿਆਨ ਕੇਂਦਰਿਤ ਕਰਨ ਦੇ ਯੋਗ ਬਣਾਉਣ ਲਈ, ਮੇਰੀ ਸਰਕਾਰ ਨੇ 15 ਨਵੰਬਰ, 2023 ਤੋਂ ਵੈਟ ਦੇ ਅਧੀਨ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਸਕੀਮ ਸ਼ੁਰੂ ਕੀਤੀ ਹੈ ਜੋ 15 ਮਾਰਚ, 2024 ਤੱਕ ਲਾਗੂ ਰਹੇਗੀ।

105. ਮੇਰੀ ਸਰਕਾਰ ਨੇ ਜੀਐਸਟੀ ਦੀ ਚੋਰੀ ਨੂੰ ਰੋਕਣ ਲਈ "ਬਿਲ ਲਿਆਓ ਇਨਾਮ ਪਾਓ" ਸਕੀਮ ਵੀ ਲਾਗੂ ਕੀਤੀ ਹੈ ਅਤੇ ਲੋਕਾਂ ਵਿੱਚ ਉਨ੍ਹਾਂ ਵੱਲੋਂ ਕੀਤੀ ਗਈ ਕਿਸੇ ਵੀ ਖਰੀਦਦਾਰੀ ਲਈ ਬਿੱਲਾਂ ਦੀ ਮੰਗ ਕਰਨ ਲਈ ਜਾਗਰੂਕਤਾ ਪੈਦਾ ਕੀਤੀ ਗਈ ਹੈ। ਜਨਵਰੀ 2024 ਤੱਕ, ਖਪਤਕਾਰਾਂ ਦੁਆਰਾ ਲਗਭਗ 59,000 ਬਿੱਲ ਅਪਲੋਡ ਕੀਤੇ ਗਏ ਅਤੇ ਹੁਣ ਤੱਕ 54 ਲੱਖ ਰੁਪਏ ਦੇ ਇਨਾਮ ਜਿੱਤ ਚੁੱਕੇ ਹਨ।

106. ਮੈਨੂੰ ਇਹ ਖਬਰ ਸਾਂਝੀ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਮੇਰੀ ਸਰਕਾਰ ਨੇ ਵਿਧਾਨ ਸਭਾ ਨੂੰ ਡਿਜੀਟਲ ਰੂਪ ਵਿੱਚ ਕੰਮ ਕਰਨ ਅਤੇ ਇਸਦੀ ਕੁਸ਼ਲਤਾ ਵਿੱਚ ਸੁਧਾਰ ਕਰਨ ਲਈ

ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਸੂਚਨਾ ਤਕਨਾਲੋਜੀ ਦੀ ਵਰਤੋਂ ਕਰਨ ਵਿੱਚ ਮਦਦ ਕੀਤੀ ਹੈ। ਇਸ ਨਾਲ ਵਿਧਾਨ ਸਭਾ ਦੇ ਮਾਨਯੋਗ ਮੈਂਬਰਾਂ ਨੂੰ ਬਿਨਾਂ ਕਿਸੇ ਕਾਗਜ਼ ਦੇ ਆਪਣਾ ਕੰਮ ਆਸਾਨੀ ਨਾਲ ਕਰਨ ਵਿੱਚ ਮਦਦ ਮਿਲੇਗੀ।

ਪਿਆਰੇ ਮੈਂਬਰ ਸਾਹਿਬਾਨ, ਮੇਰੀ ਸਰਕਾਰ ਨੇ ਜਨਤਕ ਸੇਵਾਵਾਂ ਦੀ ਨਿਰਪੱਖ, ਨਿਆਂਪੂਰਨ ਅਤੇ ਪ੍ਰਭਾਵਸ਼ਾਲੀ ਡਿਲੀਵਰੀ ਨੂੰ ਯਕੀਨੀ ਬਣਾ ਕੇ ਪੰਜਾਬ ਦੇ ਲੋਕਾਂ ਨਾਲ ਕੀਤੇ ਆਪਣੇ ਵਾਅਦੇ ਅਤੇ ਵਚਨਬੱਧਤਾ ਪੂਰੀ ਕੀਤੀ ਹੈ। ਮੈਂ ਉਮੀਦ ਕਰਦਾ ਹਾਂ ਕਿ ਤੁਸੀਂ ਸਾਰੇ ਇਸ ਅਜ਼ੀਮ ਸਦਨ ਵਿੱਚ ਲੋਕਾਂ ਦੇ ਨੁਮਾਇੰਦਿਆਂ ਵਜੋਂ ਆਪਣਾ ਬਣਦਾ ਯੋਗਦਾਨ ਪਾਓਗੇ। ਪੰਜਾਬ ਦੇ ਸਰਵਪੱਖੀ ਵਿਕਾਸ ਲਈ ਲੋਕ-ਕੇਂਦ੍ਰਿਤ ਫੈਸਲਿਆਂ ਵਿੱਚ ਤੁਹਾਡੀ ਸਰਗਰਮ ਭਾਈਵਾਲੀ ਲਈ ਮੈਂ ਤੁਹਾਨੂੰ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੰਦਾ ਹਾਂ।

**ਜੈ ਹਿੰਦ !**